SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 140 | Monday, July 24, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਮਹਿਲਾ ਦੀ ਮੌਤ ਨੂੰ ਕਤਲ ਮੰਨ ਕੇ ਜਾਂਚ ਕਰ ਰਹੀ ਹੈ ਪੁਲਿਸ



ਮਿਸੀਸਾਗਾ, 23 ਜੁਲਾਈ (ਪੋਸਟ ਬਿਊਰੋ) : ਪੀਲ ਪੁਲਿਸ ਦਾ ਕਹਿਣਾ ਹੈ ਕਿ ਪਿਛਲੇ ਹਫਤੇ ਮਿਸੀਸਾਗਾ ਵਿੱਚ ਇੱਕ ਮਹਿਲਾ ਦੀ ਹੋਈ ਮੌਤ ਨੂੰ ਕਤਲ ਮੰਨ ਕੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ 20 ਜੁਲਾਈ ਨੂੰ ਰਾਤੀਂ 12:15 ਵਜੇ 28 ਹੈਲੇਨ ਸਟਰੀਟ ਨੌਰਥ ਦੀ ਇੱਕ ਰਿਹਾਇਸ਼ੀ ਬਿਲਡਿੰਗ ਵਿੱਚ ਇੱਕ ਮਹਿਲਾ ਦੀ ਸਲਾਮਤੀ ਦਾ ਪਤਾ ਲਾਉਣ ਲਈ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਮੌਕੇ ਉੱਤੇ ਉਨ੍ਹਾ ਨੂੰ 21 ਸਾਲਾ ਮਹਿਲਾ ਪਿੱਚ ਫੌਨਪਾ ਦੀ ਲਾਸ਼ ਮਿਲੀ।

ਜਾਂਚ ਤੋਂ ਬਾਅਦ ਪੁਲਿਸ ਨੂੰ ਮਾਮਲਾ ਸ਼ੱਕੀ ਲੱਗਿਆ ਤੇ ਉਸ ਦੀ ਮੌਤ ਨੂੰ ਕਤਲ ਕਰਾਰ ਦੇ ਦਿੱਤਾ ਗਿਆ। ਪੁਲਿਸ ਦਾ ਮੰਨਣਾ ਹੈ ਕਿ ਇਸ ਮਹਿਲਾ ਦੀ ਮੌਤ 17 ਤੇ 18 ਜੁਲਾਈ ਦਰਮਿਆਨ ਹੋਈ ਹੈ। ਇਸ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਰੱਖਣ ਵਾਲੇ ਨੂੰ ਪੁਲਿਸ ਨਾਲ ਸੰਪਰਕ ਕਰਨ ਲਈ ਆਖਿਆ ਗਿਆ ਹੈ।

## ਅਗਜ਼ਨੀ ਕਰਨ ਵਾਲੇ ਨੇ ਖੁਦ ਤੇ ਪੁਲਿਸ ਅਧਿਕਾਰੀਆਂ ਉੱਤੇ ਪਾਇਆ ਅੱਗ ਭੜਕਾਉਣ ਵਾਲਾ ਪਦਾਰਥ, ਗ੍ਰਿਫਤਾਰ

ਯੌਰਕ, 23 ਜੁਲਾਈ (ਪੋਸਟ ਬਿਊਰੋ) : ਵੀਰਵਾਰ ਰਾਤ ਨੂੰ ਨਿਊਮਾਰਕਿਟ ਹਸਪਤਾਲ ਦੇ ਪਾਰਕਿੰਗ ਗੈਰਾਜ ਵਿੱਚ ਇੱਕ ਗੱਡੀ ਨੂੰ ਅੱਗ ਲਾ ਦਿੱਤੇ ਜਾਣ ਦੇ ਮਾਮਲੇ ਵਿੱਚ ਗ੍ਰਿਫਤਾਰ ਕੀਤੇ ਗਏ 28 ਸਾਲਾ ਵਿਅਕਤੀ ਨੇ ਕਥਿਤ ਤੌਰ ਉੱਤੇ ਖੁਦ ਉੱਤੇ ਤੇ ਦੋ ਪੁਲਿਸ ਅਧਿਕਾਰੀਆਂ ਉੱਤੇ ਐਕਸੈਲਰੈਂਟ (ਅੱਗ ਭੜਕਾਉਣ ਵਾਲਾ ਪਦਾਰਥ) ਪਾ ਦਿੱਤਾ।

ਸਾਊਥਲੇਕ ਰੀਜਨਲ ਹੈਲਥ ਸੈਂਟਰ ਵਿਖੇ 20 ਜੁਲਾਈ ਨੂੰ ਇੱਕ ਗੱਡੀ ਨੂੰ ਲਾਈ ਗਈ ਅੱਗ ਦੇ ਸਬੰਧ ਵਿੱਚ ਸ਼ਨਿੱਚਰਵਾਰ ਨੂੰ ਯੌਰਕ ਰੀਜਨਲ ਪੁਲਿਸ ਵੱਲੋਂ ਇੱਕ ਵਾਰੰਟ ਜਾਰੀ ਕੀਤਾ ਗਿਆ। ਇਸ ਵਾਰੰਟ ਦੇ ਆਧਾਰ ਉੱਤੇ ਪੁਲਿਸ ਵਾਅਨ ਸਥਿਤ ਇੱਕ ਘਰ ਵਿੱਚ ਤਲਾਸ਼ੀ ਲਈ ਪਹੁੰਚੀ। ਇੱਕ ਨਿਊਜ਼ ਰਲੀਜ਼ ਵਿੱਚ ਪੁਲਿਸ ਨੇ ਦੱਸਿਆ ਕਿ ਜਿਵੇਂ ਹੀ ਦੋਵਾਂ ਪੁਲਿਸ ਅਧਿਕਾਰੀਆਂ ਵੱਲੋਂ ਉਸ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ, ਮਸ਼ਕੂਕ ਨੇ ਖੁਦ ਉੱਤੇ ਤੇ ਪੁਲਿਸ ਅਧਿਕਾਰੀਆਂ ਉੱਤੇ ਐਕਸੈਲਰੈਂਟ ਪਾ ਦਿੱਤਾ। ਉਸ ਕੋਲ ਅੱਗ ਲਾਉਣ ਵਾਲਾ ਇਗਨਾਈਟਰ ਵੀ ਸੀ ਪਰ ਅੱਗ ਲਾਏ ਜਾਣ ਤੋਂ ਪਹਿਲਾਂ ਹੀ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।



ਮਸ਼ਕੂਕ ਦੀ ਪਛਾਣ ਸੈਨਟੀਐਗੋ ਗੌਂਜ਼ਾਲੇਜ਼ ਵਾਇ ਰਾਮੀਰੇਜ਼ ਵਜੋਂ ਕੀਤੀ ਗਈ ਹੈ। ਉਸ ਨੂੰ ਅਗਜ਼ਨੀ ਦੇ ਮਾਮਲੇ, 5000 ਡਾਲਰ ਤੋਂ ਘੱਟ ਦੀ ਸ਼ਰਾਰਤ ਕਰਨ ਤੇ ਹਥਿਆਰ ਨਾਲ ਪੀਸ ਆਫੀਸਰ ਉੱਤੇ ਹਮਲਾ ਕਰਨ ਦੇ ਦੋ ਮਾਮਲਿਆਂ ਵਿੱਚ ਚਾਰਜ ਕੀਤਾ ਗਿਆ ਹੈ। ਉਸ ਦੀ ਸ਼ਨਾਖ਼ਤ ਲਈ ਪੁਲਿਸ ਵੱਲੋਂ ਜਨਤਕ ਕੀਤੀ ਗਈ ਤਸਵੀਰ ਤੋਂ ਇੱਕ ਦਿਨ ਬਾਅਦ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ। 28 ਸਾਲਾ ਇਹ ਵਿਅਕਤੀ ਪੌਰਸ਼ਾ ਗੱਡੀ ਤੱਕ ਪਹੁੰਚਣ ਤੋਂ ਪਹਿਲਾਂ ਸਰਵੇਲੈਂਸ ਵੀਡੀਓ ਵਿੱਚ ਇੱਧਰ ਉੱਧਰ ਬਿਨਾਂ ਕਿਸੇ ਕਾਰਨ ਘੁੰਮਦਾ ਨਜ਼ਰ ਆਇਆ ਸੀ। ਪੁਲਿਸ ਮੁਤਾਬਕ ਗੱਡੀ ਨੂੰ ਅੱਗ ਲਾਉਣ ਤੋਂ ਬਾਅਦ ਇਹ ਵਿਅਕਤੀ ਉੱਥੋਂ ਫਰਾਰ ਹੋ ਗਿਆ। ਇਸ ਘਟਨਾ ਵਿੱਚ ਕੋਈ ਵੀ ਜ਼ਖ਼ਮੀ ਨਹੀਂ ਹੋਇਆ।

## ਭਾਰਤ ਵੱਲੋਂ ਚੌਲਾਂ ਦੇ ਐਕਸਪੋਰਟ ਉੱਤੇ ਲਾਈ ਪਾਬੰਦੀ ਕਾਰਨ ਕੈਨੇਡਾ ਵਿੱਚ ਲੋਕ ਘਬਰਾਹਟ ਕਾਰਨ ਧੜਾਧੜ ਖਰੀਦੇ ਰਹ ਹਨ ਚੌਲ

ਟੋਰਾਂਟੋ, 23 ਜੁਲਾਈ (ਪੋਸਟ ਬਿਊਰੋ) : ਦੁਨੀਆ ਭਰ ਵਿੱਚ ਕਈ ਬਿਲੀਅਨ ਲੋਕਾਂ ਲਈ ਚੌਲ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲਾ ਭੋਜਨ ਹੈ ਪਰ ਭਾਰਤ ਵੱਲੋਂ ਗੈਰ ਬਾਸਮਤੀ ਚੌਲਾਂ ਤੇ ਉਨ੍ਹਾਂ ਤੋਂ ਤਿਆਰ ਉਤਪਾਦਾਂ ਦੇ ਐਕਸਪੋਰਟ ਉੱਤੇ ਬੈਨ ਲਾ ਦਿੱਤੇ ਜਾਣ ਨਾਲ ਲੋਕਾਂ ਦੇ ਮਨਾਂ ਵਿੱਚ ਅਜੀਬ ਕਿਸਮ ਦਾ ਡਰ ਬੈਠ ਗਿਆ ਹੈ।



ਲੋਕਾਂ ਨੇ ਤੇਜ਼ੀ ਨਾਲ ਸਟੋਰਾਂ ਵਿੱਚ ਪਹੁੰਚ ਕੇ ਧੜਾਧੜ ਚੌਲ ਖਰੀਦਣੇ ਸ਼ੁਰੂ ਕਰ ਦਿੱਤੇ ਹਨ। ਟੋਰਾਂਟੋ ਸਾਊਥ ਏਸ਼ੀਅਨ ਸਟੋਰ ਦਾ ਕਹਿਣਾ ਹੈ ਕਿ ਕੁੱਝ ਦਿਨਾਂ ਵਿੱਚ ਹੀ ਚੌਲਾਂ ਦੀ ਵਿੱਕਰੀ ਕਾਫੀ ਵੱਧ ਗਈ ਹੈ। ਮਿਸੀਸਾਗਾ ਦੇ ਇਕਬਾਲ ਹਲਾਲ ਫੂਡਜ਼ ਦੇ ਜਨਰਲ ਮੈਨੇਜਰ ਸਲਾਮ ਹਸਨ ਨੇ ਦੱਸਿਆ ਕਿ ਇਹ ਖਰੀਦਦਾਰੀ ਘਬਰਾਹਟ ਵਿੱਚ ਆ ਕੇ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜਿਹੜਾ ਸਟੌਕ ਤਿੰਨ ਜਾਂ ਚਾਰ ਹਫਤਿਆਂ ਵਿੱਚ ਵਿਕਦਾ ਸੀ ਉਹ ਦੋ ਕੁ ਦਿਨਾਂ ਵਿੱਚ ਹੀ ਵਿਕ ਗਿਆ।

ਹਸਨ ਨੇ ਦੱਸਿਆ ਕਿ ਥੋੜ੍ਹੇ ਸਮੇਂ ਲਈ ਮਸ਼ਹੂਰ ਸਾਊਥ ਏਸ਼ੀਅਨ ਗਰੌਸਰੀ ਸਟੋਰ ਵੱਲੋਂ ਕੁੱਝ ਪਾਬੰਦੀਆਂ ਲਾ ਦਿੱਤੀਆਂ ਗਈਆਂ ਹਨ ਤੇ ਹਰ ਪਰਿਵਾਰ ਨੂੰ ਚੌਲਾਂ ਦਾ ਇੱਕ ਬੈਗ ਖਰੀਦਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ। ਪਿਛਲੇ ਸਾਲ ਵੀ ਭਾਰਤ ਵੱਲੋਂ ਇਸ ਤਰ੍ਹਾਂ ਦੀ ਪਾਬੰਦੀ ਲਾਈ ਗਈ ਸੀ ਜਿਹੜੀ ਇੱਕ ਮਹੀਨਾ ਚੱਲੀ ਸੀ। ਜੇ ਕਿਸੇ ਨੂੰ ਲੱਗਦਾ ਹੈ ਕਿ ਇੱਕ ਮਹੀਨੇ ਲਈ ਕਿਸੇ ਖਾਸ ਆਈਟਮ ਉੱਤੇ ਪਾਬੰਦੀ ਲਾ ਦਿੱਤੀ ਜਾਂਦੀ ਹੈ ਤਾਂ ਸਮੁੰਦਰ ਵਿੱਚ ਪਹਿਲਾਂ ਤੋਂ ਹੀ ਕਈ ਕੰਟੇਨਰ ਹੁੰਦੇ ਹਨ ਜਿਹੜੇ ਸਾਡੇ ਕੋਲ ਆ ਰਹੇ ਹੁੰਦੇ ਹਨ।

ਇਕਬਾਲਜ਼ ਗਰੌਸਰੀ ਉੱਤੇ ਚੌਲਾਂ ਦੇ ਇੰਪੋਰਟ ਦਾ ਕੰਮ ਵੇਖਣ ਵਾਲੇ ਬਿਜ਼ਨਸ ਡਿਵੈਲਪਮੈਂਟ ਮੈਨੇਜਰ ਸ਼੍ਰੀਰਾਮ ਰਾਮਾਮੂਰਥੀ ਅਨੁਸਾਰ ਉਨ੍ਹਾਂ ਦੇ ਕੰਮਕਾਜ ਉੱਤੇ ਚੌਲਾਂ ਉੱਤੇ ਲਾਈ ਪਾਬੰਦੀ ਦਾ ਕਾਫੀ ਅਸਰ ਪਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪਾਬੰਦੀ ਦੇ ਚੱਲਦਿਆਂ ਸਟੋਰ ਨੂੰ ਪਹਿਲਾਂ ਹੀ ਪ੍ਰਤੀ ਬੈਗ ਚੌਲਾਂ ਦੀਆਂ ਕੀਮਤਾਂ ਵਿੱਚ 15 ਤੋਂ 20 ਡਾਲਰ ਪ੍ਰਤੀ ਬੈਗ ਦਾ ਵਾਧਾ ਕਰਨਾ ਪਿਆ ਹੈ।

ਦੂਜੇ ਪਾਸੇ ਭਾਰਤ ਦੀ ਮਨਿਸਟਰੀ ਆਫ ਕੰਜ਼ਿਊਮਰ ਅਫੇਅਰਜ਼ ਦਾ ਕਹਿਣਾ ਹੈ ਕਿ ਇਹ ਪਾਬੰਦੀ ਭਾਰਤੀ ਮਾਰਕਿਟ ਵਿੱਚ ਗੈਰ ਬਾਸਮਤੀ ਚਿੱਟੇ ਚੌਲਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਤੇ ਘਰੇਲੂ ਮਾਰਕਿਟ ਵਿੱਚ ਚੌਲਾਂ ਦੀਆਂ ਕੀਮਤਾਂ ਨੂੰ ਘਟਾਉਣ ਵਾਸਤੇ ਲਾਈ ਗਈ ਹੈ।ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਇਹ ਪਾਬੰਦੀ ਕਿੰਨੀ ਦੇਰ ਤੱਕ ਲਾਈ ਗਈ ਹੈ ਪਰ ਮਾਹਿਰਾਂ ਦਾ ਕਹਿਣਾ ਹੈ ਕਿ ਇਸ ਨਾਲ ਗਲੋਬਲ ਪੱਧਰ ਉੱਤੇ ਖਾਣ-ਪੀਣ ਦੀਆਂ ਵਸਤਾਂ ਦੀਆਂ ਕੀਮਤਾਂ ਵਿੱਚ ਵਾਧਾ ਹੋ ਸਕਦਾ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
CANADA DAY SPECIAL
REGULAR DEAL $2,899
CANADA DAY SPECIAL
BLACK STAINLESS-STEEL PACKAGE $3,849
CANADA DAY SPECIAL
WASHER DRYER $1,699
LOCATIONS
ETOBICOKE 44 Fasken Dr, #2-9 Etobicoke, On M9W 5M8 (416) 792-0877
BRAMPTON Unit #1, 241 Clarence St Brampton, On L6W 3E7 (416) 551-3343
VAUGHAN 5781 Highway 7 Unit 10 Vaughan, ON L4L 1T8 (416) 477-5556
OAKVILLE 1050 Speers Road Oakville, ON L6L 2X4 (416) 613-0555
LONDON Unit #4 -1540 Fanshawe Park Road West London, On N6H 5L8 (519) 641-1010
STONEY CREEK Unit #6 – 410 Lewis Road Stoney Creek, On L8E 5Y7 (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਗ੍ਰੀਕਟਾਊਨ ਵਿੱਚ ਚੱਲੀ ਗੋਲੀ, ਇੱਕ ਹਲਾਕ




ਟੋਰਾਂਟੋ, 23 ਜੁਲਾਈ (ਪੋਸਟ ਬਿਊਰੋ) : ਐਤਵਾਰ ਤੜਕੇ ਟੋਰਾਂਟੋ ਦੇ ਗ੍ਰੀਕਟਾਊਨ ਵਿੱਚ ਚੱਲੀ ਗੋਲੀ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਇਸ ਇਲਾਕੇ ਵਿੱਚ ਹੀ ਪੰਜ ਸਾਲ ਪਹਿਲਾਂ ਹੋਈ ਮਾਸ ਸ਼ੂਟਿੰਗ ਦੇ ਮੈਮੋਰੀਅਲ ਤੋਂ ਕੁੱਝ ਘੰਟੇ ਬਾਅਦ ਇਹ ਘਟਨਾ ਵਾਪਰੀ।

ਪੁਲਿਸ ਨੇ ਦੱਸਿਆ ਕਿ ਸਵੇਰੇ 3:30 ਵਜੇ ਦੇ ਨੇੜੇ ਤੇੜੇ ਡੈਨਫੋਰਥ ਤੇ ਕਾਰਲਾਅ ਐਵਨਿਊ ਦੇ ਨੇੜੇ ਕਈ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਆਈਆਂ। ਜਿਸ ਵਿਅਕਤੀ ਨੂੰ ਗੋਲੀ ਲੱਗੀ ਸੀ ਉਸ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਿਸ ਵੱਲੋਂ ਉਸ ਵਿਅਕਤੀ ਦੀ ਪਛਾਣ ਜ਼ਾਹਿਰ ਨਹੀਂ ਕੀਤੀ ਗਈ ਹੈ ਤੇ ਨਾ ਹੀ ਸੰਭਾਵੀ ਮਸ਼ਕੂਕਾਂ ਬਾਰੇ ਹੀ ਕੋਈ ਜਾਣਕਾਰੀ ਦਿੱਤੀ ਗਈ ਹੈ।

ਇਸ ਘਟਨਾ ਤੋਂ ਕੁੱਝ ਘੰਟੇ ਪਹਿਲਾਂ ਤੇ ਸੜਕ ਤੋਂ ਹੇਠਾਂ ਵੱਲ ਚੰਦ ਕਦਮਾਂ ਦੀ ਦੂਰੀ ਉੱਤੇ ਸਿਟੀ ਅਜੇ ਮਾਸ ਸ਼ੂਟਿੰਗ ਦੀ ਪੰਜਵੀਂ ਬਰਸੀ ਮਨਾ ਕੇ ਹਟੀ ਸੀ। ਪੰਜ ਸਾਲ ਪਹਿਲਾਂ ਇੱਕ ਵਿਅਕਤੀ ਨੇ ਇੱਥੇ ਹੀ ਅੰਨ੍ਹੇਵਾਹ ਗੋਲੀਆਂ ਚਲਾਉਂਦਿਆਂ ਹੋਇਆਂ ਦੋ ਵਿਅਕਤੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ ਤੇ 13 ਹੋਰਨਾਂ ਨੂੰ ਜ਼ਖ਼ਮੀ ਕਰ ਦਿੱਤਾ ਸੀ। ਪੁਲਿਸ ਨੇ ਅਜੇ ਤੱਕ ਇਹ ਨਹੀਂ ਦੱਸਿਆ ਕਿ ਇਹ ਦੋਵੇਂ ਘਟਨਾਵਾਂ ਕਿਸੇ ਤਰ੍ਹਾਂ ਇੱਕ ਦੂਜੇ ਨਾਲ ਸਬੰਧਤ ਹਨ ਜਾਂ ਨਹੀਂ।

# ਪਾਕਿਸਤਾਨ ਵਿਚ ਦਿਨ-ਦਿਹਾੜੇ ਔਰਤਾਂ ਨੂੰ ਕੀਤਾ ਅਗਵਾ, ਦੋ ਨੌਜਵਾਨਾਂ ਦਾ ਕੀਤਾ ਕਤਲ



ਕਰਾਚੀ, 23 ਜੁਲਾਈ (ਪੋਸਟ ਬਿਊਰੋ): ਪਾਕਿਸਤਾਨ ਦੇ ਸਿੰਧ ਸੂਬੇ ਦੇ ਇਕ ਪਿੰਡ 'ਤੇ ਹਥਿਆਰਬੰਦ ਵਿਅਕਤੀਆਂ ਨੇ ਹਮਲਾ ਕਰ ਦਿੱਤਾ। ਇਨ੍ਹਾਂ ਲੋਕਾਂ ਨੇ ਦੋ ਨੌਜਵਾਨਾਂ ਦਾ ਕਤਲ ਕਰ ਦਿੱਤਾ ਅਤੇ ਪਿੰਡ ਦੀਆਂ ਦੋ ਔਰਤਾਂ ਨੂੰ ਅਗਵਾ ਕਰ ਲਿਆ। ਹਾਲੇ ਤੱਕ ਇਨ੍ਹਾਂ ਔਰਤਾਂ ਦਾ ਕੋਈ ਸੁਰਾਗ ਨਹੀਂ ਲੱਗਾ ਹੈ। ਮੀਡੀਆ ਰਿਪੋਰਟਾਂ ਮੁਤਾਬਕ ਹਮਲਾਵਰ ਆਪਣੇ ਨਾਲ ਇੱਕ ਬੱਚੇ ਨੂੰ ਵੀ ਲੈ ਗਏ। ਉਸ ਦਾ ਵੀ ਹੁਣ ਤੱਕ ਕੋਈ ਸੁਰਾਗ ਨਹੀਂ ਲੱਗ ਸਕਿਆ ਹੈ।

ਹਮਲਾਵਰ ਕਈ ਮੋਟਰਸਾਈਕਲਾਂ 'ਤੇ ਆਏ ਸਨ। ਉਸ ਦੀਆਂ ਕੁਝ ਵੀਡੀਓਜ਼ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਹਨ। ਪਿੰਡ ਦੇ ਲੋਕਾਂ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦੱਸਿਆ ਹੈ ਕਿ ਮੁਲਜ਼ਮਾਂ ਨੇ ਕੁਝ ਘਰਾਂ ਨੂੰ ਅੱਗ ਵੀ ਲਾ ਦਿੱਤੀ।

ਪਾਕਿਸਤਾਨ ਦੇ ਅਖਬਾਰ 'ਦਿ ਐਕਸਪ੍ਰੈਸ ਟ੍ਰਿਬਿਊਨ' ਮੁਤਾਬਕ ਘਟਨਾ ਸਾਂਗੀ ਥਾਣੇ ਦੇ ਨਿਰਕ ਪਿੰਡ ਦੀ ਹੈ। ਘਟਨਾ ਸ਼ੁੱਕਰਵਾਰ ਦੀ ਹੈ ਪਰ ਇਸ ਦੀ ਜਾਣਕਾਰੀ ਹੁਣ ਸਾਹਮਣੇ ਆਈ ਹੈ। ਇਸ ਤੋਂ ਇਲਾਵਾ ਕੁਝ ਵੀਡੀਓ ਫੁਟੇਜ ਵੀ ਸਾਹਮਣੇ ਆਏ ਹਨ।

ਨਿਰਕ ਪਿੰਡ ਦੇ ਵਸਨੀਕ ਅਬਦੁਲ ਰਹੀਮ ਕਲਹਰੋ ਨੇ ਦੱਸਿਆ ਕਿ ਸਾਡੇ ਪਿੰਡ 'ਤੇ 400 ਦੇ ਕਰੀਬ ਹਥਿਆਰਬੰਦ ਬੰਦਿਆਂ ਨੇ ਹਮਲਾ ਕਰ ਦਿੱਤਾ। ਇਨ੍ਹਾਂ ਲੋਕਾਂ ਨੇ ਪਹਿਲਾਂ ਹਵਾ ਵਿਚ ਗੋਲੀਬਾਰੀ ਕੀਤੀ ਅਤੇ ਬਾਅਦ ਵਿਚ ਇਕ ਘਰ 'ਤੇ ਹਮਲਾ ਕਰ ਦਿੱਤਾ। ਇੱਥੇ ਦੋ ਨੌਜਵਾਨਾਂ ਦੀ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਇਸ ਤੋਂ ਬਾਅਦ ਦੋ ਔਰਤਾਂ ਅਤੇ ਲੜਕੀ ਨੂੰ ਅਗਵਾ ਕਰ ਲਿਆ ਗਿਆ। ਕੁਝ ਹੋਰ ਲੋਕਾਂ 'ਤੇ ਗੋਲੀਬਾਰੀ ਕੀਤੀ ਗਈ। ਤਿੰਨ ਲੋਕਾਂ ਨੂੰ ਇਲਾਜ ਲਈ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ।

ਹੈਰਾਨੀ ਦੀ ਗੱਲ ਹੈ ਕਿ ਹਮਲਾਵਰ ਕਈ ਚੌਕੀਆਂ ਅਤੇ ਪੁਲਿਸ ਚੌਕੀਆਂ ਵਿਚੋਂ ਦੀ ਲੰਘੇ, ਪਰ ਕਿਸੇ ਨੇ ਉਨ੍ਹਾਂ ਨੂੰ ਨਹੀਂ ਰੋਕਿਆ। ਪਰਤਣ ਸਮੇਂ ਵੀ ਉਹ ਇਨ੍ਹਾਂ ਮਾਰਗਾਂ ਤੋਂ ਲੰਘੇ। ਇਸ ਦੇ ਬਾਵਜੂਦ ਪੁਲਿਸ ਕੁਝ ਨਹੀਂ ਕਰ ਸਕੀ। ਜਾਣਕਾਰੀ ਅਨੁਸਾਰ ਸੁਰੱਖਿਆ ਬਲਾਂ ਨੇ ਪਿੰਡ ਵਿਚ ਘਟਨਾ ਤੋਂ ਬਾਅਦ ਤਲਾਸ਼ੀ ਮੁਹਿੰਮ ਚਲਾਈ। ਦੱਸਿਆ ਜਾ ਰਿਹਾ ਹੈ ਕਿ ਅਗਵਾ ਹੋਈਆਂ ਔਰਤਾਂ ਅਤੇ ਲੜਕੀ ਨੂੰ ਬਚਾ ਲਿਆ ਗਿਆ ਹੈ।

## ਅੱਜ ਨਾਮਾ >>

ਮੁੜ-ਮੁੜ ਪਾਣੀ ਦੀ ਪੈਂਦੜੀ ਮਾਰ ਜਿੰਦਾਂ,
ਫਸਿਆ ਪੰਜਾਬ ਤੇ ਨਾਲ ਹੀ ਦੇਸ਼ ਮੀਆਂ।
ਹੜ੍ਹ ਹਿਮਾਚਲ ਤੋਂ ਆਏ ਗੁਜਰਾਤ ਤੀਕਰ,
ਕਿਧਰੇ ਜਾਂਦੀ ਨਹੀਂ ਕਿਸੇ ਦੀ ਪੇਸ਼ ਮੀਆਂ।
ਆਈ ਮੁਸ਼ਕਲ ਤਾਂ ਪਊਗੀ ਝੱਲਣੀ ਇਹ,
ਝੱਲੀਆਂ ਮੁਸ਼ਕਲਾਂ ਜੀਕਣ ਹਮੇਸ਼ ਮੀਆਂ।
ਜਦ-ਜਦ ਸਿਰਾਂ'ਤੇ ਔਕੜ ਹੈ ਕਦੇ ਆਈ,
ਮਿਲਿਆ ਮੁਸ਼ਕਲ ਤੋਂ ਸਦਾ ਸੰਦੇਸ਼ ਮੀਆਂ।
ਆਈ ਔਕੜ ਆ ਜਿਹੋ ਜਿਹੀ ਐਤਕੀਂ ਵੀ,
ਹਰ ਇਨਸਾਨ ਲਈ ਮੰਗੋ ਸਭ ਖੈਰ ਮੀਆਂ।
ਫਸਿਆਂ ਪਿਆਂ ਦੀ ਕਰਨ ਇਮਦਾਦ ਉੱਠੋ,
ਖਿੱਚਿਉ ਕੋਈ ਵੀ ਪਿੱਛੇ ਨਹੀਂ ਪੈਰ ਮੀਆਂ।

**ਤੀਸ ਮਾਰ ਖਾਂ**

# ਅਮਰੀਕਾ ਵਿੱਚ ਇੱਕ ਔਰਤ ਨੇ ਆਪਣੇ ਤਿੰਨ ਬੱਚਿਆਂ ਨੂੰ ਗੋਲੀ ਮਾਰ ਕੇ ਮਾਰਿਆ, ਪੁਲਸ ਨਾਲ ਝੜਪ ਕਰਨ ਤੋਂ ਬਾਅਦ ਕੀਤੀ ਖੁਦਕੁਸ਼ੀ



ਵਾਸ਼ਿੰਗਟਨ, 23 ਜੁਲਾਈ (ਪੋਸਟ ਬਿਊਰੋ): ਅਮਰੀਕਾ ਵਿੱਚ ਇੱਕ ਔਰਤ ਨੇ ਤਿੰਨ ਬੱਚਿਆਂ ਨੂੰ ਗੋਲੀ ਮਾਰ ਕੇ ਮਾਰ ਦਿੱਤਾ। ਬਾਅਦ ਵਿਚ ਜਦੋਂ ਪੁਲਸ ਉਸ ਕੋਲ ਪਹੁੰਚੀ ਤਾਂ ਉਸ ਨੇ ਖੁਦ ਨੂੰ ਵੀ ਗੋਲੀ ਮਾਰ ਲਈ। ਚਾਰਾਂ ਦੀਆਂ ਲਾਸ਼ਾਂ ਬਰਾਮਦ ਕਰ ਲਈਆਂ ਗਈਆਂ ਹਨ। ਔਰਤ ਦਾ ਨਾਂ ਬਰੈਂਡੀ ਮੈਕਸਿਲਨ ਦੱਸਿਆ ਗਿਆ ਹੈ। ਉਹ 39 ਸਾਲਾਂ ਦੀ ਸੀ। ਮਾਰੇ ਗਏ ਬੱਚਿਆਂ ਦੀ ਉਮਰ ਦਸ, ਛੇ ਅਤੇ ਗਿਆਰਾਂ ਸਾਲ ਸੀ। ਘਟਨਾ ਇਕ ਛੋਟੇ ਜਿਹੇ ਪਿੰਡ ਟੁਲਸਾ ਦੀ ਹੈ। ਬਰੈਂਡੀ ਇਨ੍ਹਾਂ ਬੱਚਿਆਂ ਨਾਲ ਇੱਥੇ ਵਰਡਿਗਰਿਸ ਇਲਾਕੇ ਵਿਚ ਰਹਿੰਦੀ ਸੀ।

ਓਕਲਾਹੋਮਾ ਸਟੇਟ ਬਿਊਰੋ ਆਫ ਇਨਵੈਸਟੀਗੇਸ਼ਨ ਟੀਮ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਣਕਾਰੀ ਮੁਤਾਬਕ ਕਿ ਘਟਨਾ ਵੀਰਵਾਰ ਦੀ ਹੈ। ਪੁਲਿਸ ਟੀਮ ਇੱਥੇ ਗਸ਼ਤ 'ਤੇ ਸੀ। ਇਸ ਦੌਰਾਨ ਉਸ ਨੇ ਗੋਲੀਬਾਰੀ ਦੀ ਆਵਾਜ਼ ਸੁਣੀ। ਉਸ ਸਮੇਂ ਦੁਪਹਿਰ ਦੇ ਚਾਰ ਵਜੇ ਸਨ।

ਥੋੜ੍ਹੇ ਸਮੇਂ ਵਿੱਚ ਹੀ ਟੀਮ ਇੱਕ ਘਰ ਦੇ ਨੇੜੇ ਪਹੁੰਚ ਗਈ। ਇੱਥੇ ਇੱਕ ਔਰਤ ਦੀ ਆਵਾਜ਼ ਸੁਣਾਈ ਦਿੱਤੀ। ਘਰ ਦੇ ਬਾਹਰ ਬੈਰੀਕੇਡ ਲੱਗੇ ਹੋਏ ਸਨ। ਉਸ ਦੇ ਹੱਥ ਵਿੱਚ ਬੰਦੂਕ ਸੀ। ਜਦੋਂ ਪੁਲਸ ਨੇ ਔਰਤ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਹ ਗੁੱਸੇ ਵਿਚ ਆ ਗਈ। ਇਸ ਤੋਂ ਬਾਅਦ ਪੁਲਿਸ ਨੇ ਘਰ ਨੂੰ ਘੇਰ ਲਿਆ। ਇਸ ਦੌਰਾਨ ਕਵਿੱਕ ਰਿਸਪਾਂਸ ਟੀਮ ਵੀ ਮੌਜੂਦ ਸੀ। ਕਰੀਬ ਤਿੰਨ ਤੋਂ ਚਾਰ ਘੰਟੇ ਤੱਕ ਚੱਲੇ ਇਸ ਆਪ੍ਰੇਸ਼ਨ ਤੋਂ ਬਾਅਦ ਪੁਲਿਸ ਨੂੰ ਘਰ ਅੰਦਰੋਂ ਕੋਈ ਆਵਾਜ਼ ਨਹੀਂ ਸੁਣਾਈ ਦਿੱਤੀ।

ਇਸ ਤੋਂ ਬਾਅਦ ਕਵਿੱਕ ਰਿਸਪਾਂਸ ਟੀਮ ਘਰ ਵਿੱਚ ਦਾਖਲ ਹੋਈ। ਇੱਥੇ ਉਸ ਨੂੰ ਬ੍ਰਾਂਡੀ ਤੋਂ ਇਲਾਵਾ ਤਿੰਨ ਬੱਚਿਆਂ ਦੀਆਂ ਲਾਸ਼ਾਂ ਮਿਲੀਆਂ। ਓ.ਐੱਸ.ਬੀ.ਆਈ. ਦੇ ਇੱਕ ਅਧਿਕਾਰੀ ਨੇ ਕਿਹਾ ਕਿ ਪਹਿਲੀ ਨਜ਼ਰ ਵਿੱਚ ਇਹ ਸਾਫ਼ ਸੀ ਕਿ ਔਰਤ ਨੇ ਪਹਿਲਾਂ ਤਿੰਨ ਬੱਚਿਆਂ ਦਾ ਕਤਲ ਕੀਤਾ ਸੀ ਅਤੇ ਫਿਰ ਖੁਦਕੁਸ਼ੀ ਕਰ ਲਈ। ਪੁਲਿਸ ਵੱਲੋਂ ਜਾਂਚ ਜਾਰੀ ਹੈ ਪਰ ਅਜੇ ਤੱਕ ਘਟਨਾ ਦਾ ਕੋਈ ਕਾਰਨ ਸਾਹਮਣੇ ਨਹੀਂ ਆਇਆ ਹੈ।

ਮਰਨ ਵਾਲਿਆਂ ਵਿੱਚ ਬ੍ਰਾਂਡੀ ਦੀ 11 ਸਾਲ ਦੀ ਬੇਟੀ ਨੋਏ ਅਤੇ ਦੋ ਬੇਟੇ 6 ਸਾਲਾ ਬ੍ਰੇਸ ਅਤੇ 10 ਮਹੀਨੇ ਦੀ ਬਿਲੀ ਸ਼ਾਮਿਲ ਹਨ। ਪੁਲਸ ਨੇ ਇਸ ਮਾਮਲੇ 'ਤੇ ਹਾਲੇ ਜ਼ਿਆਦਾ ਜਾਣਕਾਰੀ ਨਹੀਂ ਦਿੱਤੀ ਹੈ। ਪਿੰਡ ਦੇ ਰਹਿਣ ਵਾਲੇ ਲੋਕਾਂ ਨੇ ਬ੍ਰੇਂਡੀ ਨਾਲ ਤਿੰਨ ਬੱਚਿਆਂ ਦੀਆਂ ਫੋਟੋਆਂ ਇੱਕ ਦਰੱਖਤ ਹੇਠਾਂ ਰੱਖ ਕੇ ਉਨ੍ਹਾਂ ਨੂੰ ਯਾਦ ਕੀਤਾ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਚੰਦਰ-ਯਾਨ ਪੁਲਾੜ ਵੱਲ ਵਧ ਰਿਹੈ, ਦੇਸ਼ ਪਿਛਲੇ ਗੇਅਰ ਵਿੱਚ ਫਸਦਾ ਜਾਪਣ ਲੱਗ ਪਿਐ

ਜਤਿੰਦਰ ਪਨੂੰ ਦੀ ਕਲਮ ਤੋਂ



ਕਦੇ-ਕਦੇ ਇਹੋ ਜਿਹੇ ਮੌਕੇ ਸਾਡੇ ਮੂਹਰੇ ਆ ਜਾਂਦੇ ਹਨ, ਜਦੋਂ ਕੁਝ ਲਿਖਣ ਨੂੰ ਦਿਲ ਕਰਦਾ ਹੈ, ਪਰ ਲਿਖਣ ਦੀ ਬਜਾਏ ਕਲਮ ਇੱਕ ਘੁੰਮਣਘੇਰੀ ਜਿਹੀ ਵਿੱਚ ਘੁੰਮੀ ਜਾਂਦੀ ਜਾਪਦੀ ਹੈ ਅਤੇ ਲਿਖਣ ਵਾਲੇ ਮੁੱਦਿਆਂ ਦਾ ਢੇਰ ਮੂਹਰੇ ਪਿਆ ਹੋਣ ਦੇ ਬਾਵਜੂਦ ਲਿਖਣ ਜਾਂ ਨਾ ਲਿਖਣ ਦੀਆਂ ਦਲੀਲਾਂ ਵਿੱਚ ਮਨ ਫਸ ਜਾਂਦਾ ਹੈ। ਇਸ ਵਕਤ ਭਾਰਤ ਦੇ ਰਾਜਸੀ ਦ੍ਰਿਸ਼ ਨੂੰ ਦੇਖਦੇ ਹੋਏ ਸਾਡੇ ਵਰਗੇ ਮਾੜੇ-ਚੰਗੇ ਕਾਲਮ-ਨਵੀਸਾਂ ਲਈ ਇੱਕ ਵਾਰ ਫਿਰ ਏਦਾਂ ਦੀ ਸਥਿਤੀ ਬਣੀ ਮਹਿਸੂਸ ਹੁੰਦੀ ਹੈ ਕਿ ਜੋ ਮਰਜ਼ੀ ਲਿਖੀ ਜਾਵੋ, ਹਾਲਾਤ ਜਿਸ ਵਹਿਣ ਵਿੱਚ ਵਗਦੇ ਪਏ ਹਨ, ਓਸੇ ਵਿੱਚ ਤੇ ਓਸੇ ਪਾਸੇ ਹੀ ਵਗਦੇ ਰਹਿਣੇ ਹਨ। ਕਿਸੇ ਵਕਤ ਅਸੀਂ ਭਾਰਤੀ ਲੋਕਤੰਤਰ ਦੇ ਕਦੀ ਤੇਜ਼ ਚਾਲ ਵਿੱਚ ਤੇ ਕਦੀ ਘੱਟ ਰਫਤਾਰ ਨਾਲ ਲਗਾਤਾਰ ਅੱਗੇ ਨੂੰ ਵਧਣ ਦੀਆਂ ਗੱਲਾਂ ਕਰਦੇ ਹੁੰਦੇ ਸਾਂ, ਅੱਜਕੱਲ੍ਹ ਭਾਰਤੀ ਲੋਕਤੰਤਰ ਦਾ ਭੇਜਿਆ ਕੋਈ ਚੰਦਰ-ਯਾਨ ਤਾਂ ਦੂਰ ਪੁਲਾੜ ਵਿੱਚ 'ਚੰਦਾ-ਮਾਮਾ' ਵੱਲ ਵਧਦਾ ਦੱਸਿਆ ਜਾ ਰਿਹਾ ਹੈ, ਪਰ ਭਾਰਤੀ ਲੋਕਤੰਤਰ ਦਾ ਛੋਟਾ ਜਾਂ ਵੱਡਾ ਗੇਅਰ ਲੱਗਦਾ ਮਹਿਸੂਸ ਹੋਣ ਦੀ ਥਾਂ ਪਿਛਾਂਹ ਵੱਲ ਜਾਣਦਾ ਗੇਅਰ ਵਾਲਾ ਲੱਗਦਾ ਜਾਪਦਾ ਹੈ। ਮਨੀਪੁਰ ਦੀਆਂ ਘਟਨਾਵਾਂ ਨੇ ਬਹੁਤ ਸਾਰੇ ਲੋਕਾਂ ਦੇ ਮਨਾਂ ਉੱਤੇ ਸਾਡੀ ਵਾਂਗ ਇਹੋ ਸੋਚ ਭਾਰੂ ਹੋਣ ਦਾ ਚਿਰਾਂ ਤੱਕ ਰਹਿਣ ਵਾਲਾ ਅਣਚਾਹਿਆਮਾਹੌਲ ਬਣਾ ਦਿੱਤਾ ਹੈ।

ਸਾਡੀ ਪੀੜ੍ਹੀ ਦੇ ਲੋਕਾਂ ਨੇ ਬਹੁਤ ਸਾਰੇ ਉਤਾਰ-ਚੜ੍ਹਾਅ ਇਸ ਦੇਸ਼ ਵਿੱਚ ਵੇਖੇ ਹੋਏ ਹਨ, ਸਾਡੇ ਪੰਜਾਬ ਵਿੱਚ ਵੀ ਅਸੀਂ ਬਹੁਤ ਸਾਰੇ ਸਿਆਸੀ ਅਤੇ ਸਮਾਜੀ ਬਦਲਾਅ ਹੁੰਦੇ ਅਤੇ ਫਿਰ ਮੋੜਾ ਕੱਟਦੇ ਵੇਖ ਚੁੱਕੇ ਹਾਂ। ਉਨ੍ਹਾਂ ਸਾਰੇ ਹਾਲਾਤ ਵਿੱਚ ਇੱਕ ਗੱਲ ਕਹੀ ਤੇ ਸੁਣੀ ਜਾਂਦੀ ਸੀ ਕਿ ਇਸ ਦੇਸ਼ ਦੇ ਜਿਹੜੇ ਰਾਜ ਵਿੱਚ ਜਿਸ ਕਿਸੇ ਭਾਈਚਾਰੇ ਦੀ ਬਹੁ-ਗਿਣਤੀ ਹੈ, ਉਹ ਇਹ ਗੱਲ ਸੋਚੇ ਬਗੈਰ ਕਿ ਦੇਸ਼ ਵਿੱਚ ਕਿਹੜੀ ਧਿਰ ਦੀ ਬਹੁ-ਗਿਣਤੀ ਹੈ, ਆਪਣੇ ਦਬਦਬੇ ਵਾਲੇ ਖੇਤਰ ਵਿੱਚ ਕਿਸੇ ਦੀ ਪ੍ਰਵਾਹ ਨਹੀਂ ਕਰਦਾ। ਓਦੋਂ ਇਹ ਕਹਿਣ ਨੂੰ ਦੇਰ ਨਹੀਂ ਸੀ ਲੱਗਦੀ ਕਿ ਏਦਾਂ ਦੇ ਹਾਲਾਤ ਵਿੱਚ ਜਿਸ ਭਾਈਚਾਰੇ ਦੀ ਘੱਟ-ਗਿਣਤੀ ਹੈ, ਉਸ ਨੂੰ ਉਸ ਰਾਜ ਦੀ ਜਾਂ ਦੇਸ਼ ਵਿਚਲੀ ਬਹੁ-ਗਿਣਤੀ ਦੀ ਸਰਪ੍ਰਸਤੀ ਲੈਣ ਵਿੱਚ ਆਪਣਾ ਹਿੱਤ ਜਾਪਦਾ ਹੈ, ਕਿਉਂਕਿ ਇਹੋ ਜਿਹੀ ਸਰਪ੍ਰਸਤੀ ਨਾਲ ਉਹ ਹਮਲਿਆਂ ਤੋਂ ਬਚੇ ਰਹਿ ਸਕਦੇ ਹਨ। ਮਨੀਪੁਰ ਦੇ ਹਾਲਾਤ ਨੇ ਅਤੇ ਇਸ ਤੋਂ ਪਹਿਲਾਂ ਕਈ ਹੋਰ ਰਾਜਾਂ ਵਿੱਚ ਬਣੀ ਹਾਲਤ ਨੇ ਇਹ ਪ੍ਰਭਾਵ ਵੀ ਨਹੀਂ ਰਹਿਣ ਦਿੱਤਾ ਤੇ ਕਿਹਾ ਜਾਣ ਲੱਗ ਪਿਆ ਹੈ ਕਿ ਬਹੁ-ਗਿਣਤੀ ਦੀ ਸਰਪ੍ਰਸਤੀ ਵੀ ਇੱਕ ਸੀਮਤ ਹੱਦ ਤੱਕ ਹੀ ਬਚਾਉਂਦੀ ਹੈ, ਨਵਾਂ ਮੋੜ ਆਉਂਦੇ ਸਾਰ ਇਹ ਸਰਪ੍ਰਸਤੀ ਵੀ ਕਿਸੇ ਭਰੋਸੇ ਦੀ ਗਾਰੰਟੀ ਨਹੀਂ ਰਹਿੰਦੀਅਤੇ ਘੱਟ-ਗਿਣਤੀ ਕਿਸੇ ਵੇਲੇ ਵੀ ਮਾਰ ਖਾ ਸਕਦੀ ਹੈ। ਅਸਲ ਵਿੱਚ ਉਸ ਦੀ ਸਥਾਈ ਗਾਰੰਟੀ ਦੇ ਭਾਰਤ ਦੇ ਸੰਵਿਧਾਨ ਵਿਚਲੇ ਸਾਰੇ ਪ੍ਰਬੰਧ ਵੀ ਨਿਗੂਣੇ ਜਾਪਦੇ ਹਨ। ਜੇ ਕੋਈ ਗਾਰੰਟੀ ਕਿਸੇ ਨਾਗਰਿਕ ਨੂੰ ਸਹਿਕ-ਸਹਿਕ ਦੇ ਦਿਨ ਕੱਟਣ ਲਈ ਮਜਬੂਰ ਕਰਦੀ ਹੈ ਤਾਂ ਉਹ ਗਾਰੰਟੀ ਵੀ ਕੀ ਹੋਵੇਗੀ!

ਮਨੀਪੁਰ ਵਿੱਚ ਪਿਛਲੀਵਿਧਾਨ ਸਭਾ ਚੋਣ ਸਾਡੇ ਪੰਜਾਬ ਦੇ ਨਾਲ ਹੋਈ ਸੀ ਤੇ ਉਸ ਰਾਜ ਵਿੱਚ ਓਸੇ ਪਾਰਟੀ ਨੂੰ ਮੁਕੰਮਲ ਬਹੁ-ਗਿਣਤੀ ਮਿਲੀ ਸੀ, ਜਿਹੜੀ ਇਹ ਕਹਿੰਦੀ ਹੈ ਕਿ ਭਵਿੱਖ ਦੀ ਖੁਸ਼ਹਾਲੀ ਡਬਲ ਇੰਜਣ ਵਾਲੀ ਸਰਕਾਰ ਹੀ ਗਾਰੰਟੀ ਕਰ ਸਕਦੀ ਹੈ। ਉਸ ਰਾਜ ਦੀਆਂ ਸੱਠ ਸੀਟਾਂ ਵਿੱਚੋਂ ਦੋ-ਤਿਹਾਈ ਰਿਜ਼ਰਵੇਸ਼ਨ ਦੇ ਬਿਨਾਂ ਹਨ ਅਤੇ ਉਹ ਸੀਟਾਂ ਸਾਰੇ ਦੇਸ਼ ਵਿਚਲੀ ਦਬਦਬੇ ਦੀ ਰਿਵਾਇਤ ਵਾਂਗ ਏਥੇ ਵੀ ਦਬਦਬੇ ਵਾਲੇ ਭਾਈਚਾਰੇ ਦੇ ਲੋਕਾਂ ਨੂੰ ਮਿਲਦੀਆਂ ਹਨ, ਜਦ ਕਿ ਕਮਜ਼ੋਰ ਗਿਣੇ ਜਾਂਦੇ ਕਬੀਲਿਆਂ ਦੇ ਲੋਕਾਂ ਵਾਸਤੇ ਬਾਕੀ ਵੀਹ ਸੀਟਾਂ ਹਨ। ਜਿੱਦਾਂ ਲੋਕ ਸਭਾ ਵਿੱਚ ਦਲਿਤ ਭਾਈਚਾਰੇ ਲਈ ਰਿਜ਼ਰਵ ਸੀਟਾਂ ਉੱਤੇ ਉਸ ਵੱਡੀ ਸਿਆਸੀ ਧਿਰ ਦੇ ਵੱਧ ਲੋਕ ਚੁਣੇ ਜਾਂਦੇ ਹਨ, ਜਿਹੜੀ ਦਲਿਤਾਂ ਨਾਲ ਧਾਰਮਿਕ ਤੇ ਜਾਤੀ ਵਿਤਕਰੇ ਦੀ ਪੁਰਾਤਨ ਧਾਰਨਾ ਦਾ ਖਹਿੜਾ ਨਹੀਂ ਛੱਡ ਸਕਦੀ, ਓਸੇ ਤਰ੍ਹਾਂ ਰਾਜਾਂ ਵਿੱਚ ਪਛੜੇ ਹੋਏ ਕਬੀਲਿਆਂ ਦੇ ਲੋਕਾਂ ਲਈ ਰਿਜ਼ਰਵ ਸੀਟਾਂ ਵਿੱਚੋਂ ਵੀ ਬਹੁਤੀਆਂ ਭਾਰੂ ਧਿਰ ਜਿੱਤਦੀ ਹੈ। ਮਨੀਪੁਰ ਵਿੱਚ ਦਬਦਬੇ ਦੀ ਮਾਰ ਖਾਂਦੇ ਰਹਿਣ ਵਾਲੇ ਕਬੀਲਿਆਂ ਦੇ ਲੋਕਾਂ ਨੇ ਇਹ ਸੋਚ ਕੇ ਭਾਰਤ ਦੀ ਉਸ ਪਾਰਟੀ ਦੇ ਵੱਧ ਉਮੀਦਵਾਰ ਜਿਤਾਏ ਸਨ ਕਿ ਤਕੜੀ ਧਿਰ ਵਿੱਚ ਸਾਡੇ ਇਹ ਬੰਦੇ ਹੋਣਗੇ ਤਾਂ ਸਾਡੇ ਜਾਨ-ਮਾਲ ਦੀ ਗਾਰੰਟੀ ਰਹੇਗੀ।ਰਿਜ਼ਰਵ ਸੀਟਾਂ ਵਾਲੇ ਵੀਹ ਵਿਧਾਇਕਾਂ ਵਿੱਚੋਂ ਅੱਠ ਜਣੇ ਚੋਣਾਂ ਵਿੱਚ ਭਾਜਪਾ ਦੀ ਟਿਕਟ ਉੱਤੇ ਚੁਣੇ ਗਏ ਤੇ ਕੁਝ ਦੂਸਰੀਆਂ ਧਿਰਾਂ ਵੱਲੋਂ ਜਿੱਤਣ ਦੇ ਬਾਅਦ ਉਸ ਦੇ ਨਾਲ ਜਾ ਮਿਲੇ ਸਨ ਤੇ ਕਹਿੰਦੇ ਸਨ ਕਿ ਉਨ੍ਹਾਂ ਨੇ ਆਪਣੇ ਭਾਈਚਾਰੇ ਦੇ ਹਿੱਤਾਂ ਲਈਇਸ ਤਰ੍ਹਾਂ ਕੀਤਾ ਹੈ।

ਤਿੰਨ ਮਹੀਨੇ ਦੇ ਕਰੀਬ ਹੋ ਚੱਲੇ ਹਨ, ਉਸ ਰਾਜ ਵਿੱਚ ਇਨ੍ਹਾਂ ਗਰੀਬ ਗਿਣੇ ਜਾਂਦੇ ਕਬਾਈਲੀ ਲੋਕਾਂ ਨੂੰ ਮਾਰ ਪੈਣ ਦੀ ਚਰਚਾ ਸਿਰਫ ਇਸ ਦੇਸ਼ ਵਿੱਚ ਨਹੀਂ, ਸੰਸਾਰ ਭਰ ਵਿੱਚ ਹੋਈ ਜਾਂਦੀ ਹੈ। ਭਾਰਤ ਦੇ ਪ੍ਰਧਾਨ ਮੰਤਰੀ ਨੇ ਜਦੋਂ ਫਰਾਂਸ ਦੌਰੇ ਲਈ ਉਸ ਦੇਸ਼ ਦੀ ਧਰਤੀ ਉੱਤੇ ਪੈਰ ਰੱਖਿਆ ਸੀ, ਜਹਾਜ਼ ਤੋਂ ਉੱਤਰਦੇ ਸਾਰ ਇਹ ਖਬਰ ਆ ਗਈ ਕਿ ਯੂਰਪ ਦੇ ਦੇਸ਼ਾਂ ਦੀ ਸਾਂਝੀ ਪਾਰਲੀਮੈਂਟ ਵਿੱਚ ਮਨੀਪੁਰ ਦੇ ਹਾਲਾਤ ਦੀ ਚਰਚਾ ਹੋਈ ਅਤੇ ਮਤਾ ਪੇਸ਼ ਕੀਤਾ ਗਿਆ ਹੈ, ਜਿਸ ਵਿੱਚ ਭਾਰਤ ਦੀ ਚੋਖੀ ਨੁਕਤਾਚੀਨੀ ਕੀਤੀ ਗਈ ਹੈ। ਭਾਰਤ ਦੀ ਸਦਾ ਵਾਂਗ ਇਹੋ ਰੱਟ ਸੀ ਕਿ ਇਹ ਅੰਦਰੂਨੀ ਮੁੱਦਾ ਹੈ ਅਤੇ ਇਸ ਬਾਰੇ ਕਿਸੇ ਬਾਹਰਲੇ ਨੂੰ ਚਰਚਾ ਕਰਨ ਦਾ ਹੱਕ ਨਹੀਂ। ਇਸ ਰਾਏ ਨਾਲ ਅਸੀਂ ਵੀ ਆਮ ਕਰ ਕੇ ਸਹਿਮਤੀ ਪ੍ਰਗਟਕਰ ਸਕਦੇ ਹਾਂ, ਪਰ ਭਾਰਤ ਦਾ ਪ੍ਰਧਾਨ ਮੰਤਰੀ ਜਦੋਂ ਅਮਰੀਕਾ ਦੀ ਚੱਲਦੀ ਚੋਣ ਦੌਰਾਨ ਓਥੇ ਇੱਕ ਮੈਗਾ ਸ਼ੋਅ ਕਰ ਕੇ 'ਅਬ ਕੀ ਬਾਰ, ਟਰੰਪ ਸਰਕਾਰ' ਦਾ ਨਾਅਰਾ ਦੇ ਆਇਆ ਸੀ ਤਾਂ ਓਦੋਂ ਦਾ ਮਿਹਣਾ ਸੁਣਨ ਲਈ ਸਾਨੂੰ ਸਭ ਨੂੰ ਤਿਆਰ ਰਹਿਣਾ ਪੈਂਦਾ ਹੈ। ਸਾਡਾ ਪ੍ਰਧਾਨ ਮੰਤਰੀ ਦੂਸਰੇ ਮੁਲਕਾਂ ਦੇ ਮਾਮਲਿਆਂ ਵਿੱਚ ਏਦਾਂ ਦਾ ਦਖਲ ਦੇਵੇਗਾ ਤਾਂ ਭਾਰਤ ਬਾਰੇ ਏਦਾਂ ਦੀ ਚਰਚਾ ਕਰਨ ਦਾ ਹੱਕ ਉਹ ਵੀ ਚਾਹੁਣਗੇ। ਮਨੀਪੁਰ ਦੀ ਚਰਚਾ ਵੀ ਦੁਨੀਆ ਵਿੱਚ ਥਾਂ-ਥਾਂ ਹੋ ਰਹੀ ਹੈ।

ਰੂਸ ਦੇ ਉਸ ਨੇਤਾ ਗੋਰਬਾਚੇਵ ਦਾ ਮੈਂ ਕਦੀ ਹਮਾਇਤੀ ਨਹੀਂ ਰਿਹਾ, ਜਿਹੜਾ ਬੇਗਾਨੇ ਹੱਥੀਂ ਖੇਡ ਕੇ ਆਪਣੇ ਦੇਸ਼ ਦੇ ਉਸ ਪ੍ਰਬੰਧ ਦੀਆਂ ਜੜ੍ਹਾਂ ਵੱਢਣ ਤੁਰ ਪਿਆ ਸੀ, ਜਿਸ ਪ੍ਰਬੰਧ ਨੇ ਉਸ ਨੂੰ ਸਿਖਰ ਤੱਕ ਪੁਚ-ਾਇਆ ਸੀ, ਪਰ ਉਸ ਦੀ ਕਹੀ ਇੱਕ ਗੱਲ ਸਦਾ ਯਾਦ ਰਹਿਣੀ ਹੈ। ਉਹ ਕਹਿੰਦਾ ਹੁੰਦਾ ਸੀ ਕਿ ਜੇ ਬਾਹਰੀ ਲੋਕਾਂ ਤੋਂ ਆਪਣੇ ਘਰ ਦਾ ਗੰਦ ਲੁਕਾਈ ਰੱਖਣ ਲਈ ਗੰਦ ਨੂੰ ਦਰੀ ਹੇਠ ਢੱਕਦੇ ਜਾਵਾਂਗੇ ਤਾਂ ਇੱਕ ਦਿਨ ਉਸ ਦਰੀ ਹੇਠਾਂ ਏਨਾ ਗੰਦ ਹੋ ਜਾਵੇਗਾ ਕਿ ਬਦਬੂ ਵਧਣ ਨਾਲ ਲੋਕਾਂ ਤੱਕ ਇਹ ਗੱਲ ਆਪਣੇ ਆਪ ਚਲੀ ਜਾਵੇਗੀ। ਅਸਲੀ ਕੰਮ ਗੰਦ ਨੂੰ ਢੱਕਣ ਦੀ ਕੋਸ਼ਿਸ਼ ਦਾ ਨਹੀਂ, ਘਰ ਵਿੱਚ ਸਫਾਈ ਰੱਖਣ ਤੇ ਗੰਦ ਨਾ ਪੈਣ ਦੇਣ ਦਾ ਹੈ। ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਵੀ ਇਸ ਵਕਤ ਇੱਕ ਜਾਂ ਦੂਸਰੇ ਕਿਸਮ ਦੀ ਫਿਰਕਾਪ੍ਰਸਤੀ, ਇੱਕ ਜਾਂ ਦੂਸਰੇ ਕਿਸਮ ਦਾ ਜਾਤੀਵਾਦ, ਇੱਕ ਜਾਂ ਦੂਸਰੇ ਭਾਰੂ ਭਾਈਚਾਰੇ ਦੀ ਦੂਸਰਿਆਂ ਨੂੰ ਕੁਟਾਪਾ ਚਾੜ੍ਹਨ ਦੀ ਇੱਛਾ ਬੇਲਗਾਮ ਹੁੰਦੇ ਜਾਣ ਦੀ ਪ੍ਰਵਿਰਤੀ ਵਧੀ ਜਾਂਦੀ ਹੈ। ਉਹ ਸਮਾਂ ਨਹੀਂ ਰਿਹਾ ਕਿ ਜਿਸ ਰਾਜ ਵਿੱਚ ਜਿਸ ਭਾਈਚਾਰੇ ਦੀ ਬਹੁ-ਗਿਣਤੀ ਹੈ, ਉਸ ਥਾਂ ਦਬਦਬਾ ਵੀ ਓਸੇ ਦਾ ਹੋਵੇਗਾ, ਨਵੀਂ ਹਾਲਤ ਇਸ ਤਰ੍ਹਾਂ ਦੀ ਬਣ ਰਹੀ ਹੈ ਕਿ ਰਾਜਾਂ ਵਿੱਚ ਕਿਸੇ ਧਿਰ ਦੀ ਘੱਟ ਜਾਂ ਵੱਧ ਗਿਣਤੀ ਨਹੀਂ, ਦੇਸ਼ ਪੱਧਰ ਉੱਤੇ ਜਿਨ੍ਹਾਂ ਦੀ ਬਹੁ-ਗਿਣਤੀ ਹੈ ਤੇ ਉਹ ਇਸ ਨੂੰ ਆਪਣੇ ਦਬਦਬੇ ਦਾ ਹਥਿਆਰ ਮੰਨਦੇ ਹਨ ਤੇ ਹੱਕ ਵੀਮੰਨਦੇ ਹਨ, ਰਾਜਾਂ ਦੀ ਬਹੁ-ਗਿਣਤੀ ਦੇਸਿਰ ਗਿਣੇਬਿਨਾਂ ਓਥੇ ਵੀ ਦਬਦਬਾ ਇੱਕ ਤਰ੍ਹਾਂ ਓਸੇ ਧਿਰ ਹੋ ਜਾਂਦਾ ਹੈਅਤੇ ਬਾਕੀ ਧਿਰਾਂ ਉਸ ਦਬਦਬੇ ਅੱਗੇ ਜਾਂ ਝੁਕੀ ਜਾਂਦੀਆਂ ਹਨ ਜਾਂ ਫਿਰ ਉਨ੍ਹਾਂ ਨੂੰ ਹਾਲਾਤ ਦਾ ਮਾੜਾ-ਚੰਗਾ ਭੁਗਤਣ ਨੂੰ ਤਿਆਰ ਹੋਣਾ ਪੈ ਸਕਦਾ ਹੈ। ਮਨੀਪੁਰ ਵਿੱਚ ਇਹ ਪ੍ਰਭਾਵ ਬਾਅਦ ਵਿੱਚ ਮਿਲਿਆ ਹੈ, ਕਈ ਹੋਰ ਰਾਜਾਂ ਵਿੱਚ ਏਦਾਂ ਦੀ ਸਥਿਤੀ ਇਸ ਤੋਂ ਪਹਿਲੀ ਵੀ ਬਣਦੀ ਵੇਖੀ ਗਈ ਹੈ।

ਮੈਨੂੰ ਚਾਲੀ-ਪੰਜਾਹ ਸਾਲ ਪਹਿਲਾਂ ਦਿੱਲੀ ਦੀਆਂ ਸੜਕਾਂ ਉੱਤੇ ਲਿਖੇ ਹੋਏ ਇਹ ਨਾਅਰੇ ਪੜ੍ਹ ਕੇ ਹੈਰਾਨੀ ਹੁੰਦੀ ਸੀ ਕਿ 'ਭਾਰਤ ਮੇਂ ਯਦੀ ਰਹਿਨਾ ਹੋਗਾ, ਵੰਦੇ-ਮਾਤਰਮ ਕਹਿਨਾ ਹੋਗਾ'। ਓਦੋਂ ਬਹੁਤੀ ਸੂਝ ਤਾਂ ਨਹੀਂ ਸੀ, ਪਰ ਇਹ ਸੋਚਣਾ ਪੈਂਦਾ ਸੀ ਕਿ ਇਸ ਬਹਾਨੇ ਕਿਸੇ ਨੂੰ ਗੁੱਝਾ ਦਬਕਾ ਮਾਰਿਆ ਗਿਆ ਹੈ। ਬਾਅਦ ਦੇ ਸਾਲਾਂ ਵਿੱਚ ਦਬਕਿਆਂ ਦੀ ਇਹ ਲੜੀ ਤੇਜ਼ ਹੁੰਦੀ ਗਈ ਤੇ ਹੌਲੀ-ਹੌਲੀ ਅੱਜ ਉਸ ਮੋੜ ਉੱਤੇ ਆਣ ਪੁੱਜੀ ਹੈ, ਜਿੱਥੇ ਲੋਕਤੰਤਰ ਦਾ 'ਚੰਦਰ-ਯਾਨ' ਤਾਂ ਪੁਲਾੜ ਵਿੱਚ ਚੰਦਰਮਾ ਵੱਲ ਵਧਦਾ ਦਿੱਸਦਾ ਹੈ, ਪਰ ਚੰਦਰ-ਯਾਨ ਵਾਲਾ ਦੇਸ਼ ਦਿਨੋ-ਦਿਨੋ ਬੈਕ-ਗੇਅਰ ਵਿੱਚ ਪਈ ਗੱਡੀ ਵਾਂਗ ਉਲਟ ਪਾਸੇ ਰਿੜ੍ਹਦਾ ਜਾਂਦਾ ਮਹਿਸੂਸ ਹੁੰਦਾ ਹੈ। ਜਿਨ੍ਹਾਂ ਲੋਕਾਂ ਨੇ ਇਸ ਦੇਸ਼ ਲਈ ਸਿਰ ਵਾਰੇ ਸਨ ਤੇ ਇਸ ਦੀ ਆਜ਼ਾਦੀ ਦਾ ਸੁਫਨਾ ਸਿਰੇ ਚੜ੍ਹਾਉਣ ਵਾਸਤੇ ਕੁਰਬਾਨ ਹੋ ਗਏ ਸਨ, ਅੱਜ ਵਾਲੇ ਹਾਲਾਤ ਬਾਰੇ ਉਨ੍ਹਾਂ ਵਿੱਚੋਂ ਕਿਸੇ ਨੇ ਕਦੀ ਨਹੀਂ ਸੋਚਿਆ ਹੋਣਾ। ਉਹ ਤਾਂ ਫਾਂਸੀ ਦੇ ਰੱਸੇ ਚੁੰਮਣ ਵੇਲੇ ਵੀ ਸਾਨੂੰ 'ਦੇਸ਼ ਵਾਸੀਓ ਚਮਕਣਾ ਚੰਦ ਵਾਂਗੂੰ' ਦੀ ਲੋਰੀ ਸੁਣਾ ਗਏ ਸਨ, ਅਸੀਂ ਉਸ ਲੋਰੀ ਨਾਲ ਦੇਸ਼ ਨੂੰ ਸੰਭਾਲਣ ਜੋਗੇ ਹੋਣ ਦਾ ਫਰਜ਼ ਨਿਭਾਉਣ ਦੀ ਥਾਂ ਜੋ ਵਾਪਰਦਾ ਹੈ, ਉਸ ਨੂੰ ਵੇਖਣ ਵਾਲੇ ਤਮਾਸ਼ਾਈ ਬਣਦੇ ਜਾਂਦੇ ਹਾਂ। ਸਮਾਜ ਤੇ ਸਿਆਸਤ ਦਾ ਇਹ ਵਹਿਣ ਦੇਸ਼ ਨੂੰ ਆਖਰ ਪੁਚਾਵੇਗਾ ਕਿੱਥੇ!

## ਸਿਹਤਮੰਦ ਸਰੀਰ ਲਈ ਪੈਦਲ ਚੱਲਣਾ ਜ਼ਰੂਰੀ

ਸਿਆਣੇ ਸੱਚ ਕਹਿ ਗਏ ਹਨ ਕਿ ਤੁਰਨਾ ਹੀ ਜ਼ਿੰਦਗੀ ਹੈ ।ਗੱਲ ਸਹੀ ਵੀ ਹੈ ਕਿ ਤੁਰਦੇ ਰਹਿਣਾ ਮੰਜ਼ਲਿਾਂ ਵੱਲ ਲੈ ਜਾਂਦਾ ਹੈ , ਪਰ ਜਿਸ ਤੁਰਨ ਦੀ ਗੱਲ ਅੱਜ ਅਸੀਂ ਕਰਨ ਜਾ ਰਹੇ ਹਾਂ , ਉਸ ਤੋਂ ਭਾਵ ਹੈ : ਪੈਦਲ ਚੱਲਣਾ , ਪੈਦਲ ਤੁਰਨਾ , ਟਹਿਲਣਾ । ਕੋਈ ਸਮਾਂ ਹੁੰਦਾ ਸੀ ਜਦ ਹਰ ਵਿਅਕਤੀ ਆਪਣੇ ਕੰਮ ਕਾਰ ਲਈ ਤੇ ਮੰਜ਼ਲ ਤੱਕ ਪਹੁੰਚਣ ਦੇ ਲਈ ਪੈਦਲ ਚੱਲ ਕੇ ਘਰੋਂ ਜਾਂਦਾ ਹੁੰਦਾ ਸੀ , ਪਰ ਸਮੇਂ ਦੀ ਤਬਦੀਲੀ ਦੇ ਨਾਲ - ਨਾਲ ਮਨੁੱਖ ਨੇ ਆਪਣੀ ਸੁੱਖ - ਸੁਵਿਧਾ ਵਧਾਉਣ ਹਿੱਤ ਊਠਾਂ , ਘੋੜਿਆਂ , ਬੈਲ ਗੱਡੀਆਂ , ਟਾਂਗਿਆਂ /ਯੱਕਿਆਂ ਆਦਿ ਦੀ ਵਰਤੋਂ ਕਰਨੀ ਆਰੰਭ ਕਰ ਦਿੱਤੀ । ਫਿਰ ਸਾਈਕਲ ਦਾ ਜ਼ਮਾਨਾ ਆ ਗਿਆ ਅਤੇ ਇਨ੍ਹਾਂ ਸਾਧਨਾਂ ਨੇ ਸਾਡੇ ਸਮੇਂ ਦੀ ਕਾਫ਼ੀ ਬੱਚਤ ਕੀਤੀ ਅਤੇ ਹਰ ਕੋਈ ਕਾਫ਼ੀ ਜਲਦੀ ਆਪਣੇ ਥਾਂ - ਟਿਕਾਣੇ ਸਿਰ ਪਹੁੰਚਣ ਲੱਗ ਪਿਆ । ਫੇਰ ਵਿ-ਗਆਨ ਨੇ ਤਰੱਕੀ ਕੀਤੀ ਤੇ ਨਵੀਆਂ - ਨਵੀਆਂ ਕਾਢਾਂ ਕੱਢੀਆਂ ਅਤੇ ਮਨੁੱਖ ਦੀ ਸੁੱਖ - ਸੁਵਿਧਾ ਲਈ ਨਵੇਂ - ਨਵੇਂ ਔਜ਼ਾਰ ਯੰਤਰ ਇਜਾਦ ਕੀਤੇ। ਇਸ ਨਾਲ ਬਹੁਤ ਜ਼ਿਆਦਾ ਤਰੱਕੀ ਵੀ ਹੋਈ ਅਤੇ ਸਾਡੇ ਸਮੇਂ ਤੇ ਧਨ ਦੀ ਬੱਚਤ ਵੀ ਹੋਈ। ਵਿਗਿਆਨ ਦੀ ਤਰੱਕੀ ਨੇ ਮਸ਼ੀਨੀਕਰਨ ਦਾ ਯੁੱਗ ਲਿਆ ਦਿੱਤਾ ਅਤੇ ਹਰ ਕੋਈ ਸਾਈਕਲਾਂ ਨੂੰ ਛੱਡ ਮੋਟਰਸਾਈਕਲਾਂ , ਸਕੂਟਰਾਂ , ਵਿੱਕੀਆਂ , ਕਾਰਾਂ , ਟੈਂਪੂ, ਥ੍ਰੀ - ਵੀਲਰ ਆਦਿ ਰਾਹੀਂ ਸਫ਼ਰ ਕਰਨ ਲੱਗ ਪਿਆ , ਪਰ ਇਸ ਸਾਰੀ ਸੁੱਖ - ਸੁਵਿਧਾ ਦੇ ਨਾਲ ਜਿੱਥੇ ਹੋਰ ਬਹੁਤ ਅਨੇਕਾਂ ਲਾਭ ਹੋਏ , ਉੱਥੇ ਸਾਡੇ ਸਰੀਰ 'ਤੇ ਵੀ ਬੁਰਾ ਪ੍ਰਭਾਵ ਪਿਆ ; ਕਿਉਂਕਿ ਸਰੀਰ ਦੀ ਥਾਂ ਮਸ਼ੀਨ /ਯੰਤਰ ਕੰਮ ਕਰਨ ਲੱਗੇ ਅਤੇ ਅਸੀਂ ਬਹੁਤ ਜ਼ਿਆਦਾ ਸੁੱਖ - ਸੁਵਿਧਾਵਾਂ ਵਿੱਚ ਉਲਝ ਕੇ ਰਹਿ ਗਏ । ਅੱਜ ਮੁੜ ਸੋਚਣ ਦੀ, ਵਿਚਾਰਨ ਦੀ ਅਤੇ ਅਮਲ ਕਰਨ ਦੀ ਵਾਰੀ ਹੈ ਕਿ ਅਸੀਂ ਆਪਣੇ ਜੀਵਨ ਵਿੱਚ ਵੱਧ ਤੋ ਵੱਧ ਜਿੰਨਾ ਵੀ ਸੰਭਵ ਹੋ ਸਕੇ ਹਰ ਛੋਟੇ - ਵੱਡੇ ਕੰਮ ਨੂੰ ਪੈਦਲ ਚੱਲ ਕੇ ਕਰੀਏ , ਵੱਧ ਤੋਂ ਵੱਧ ਪੈਦਲ ਚੱਲੀਏ , ਭਾਵੇਂ ਉਹ ਸਵੇਰ ਦੀ ਸੈਰ ਹੋਵੇ ਜਾਂ ਸ਼ਾਮ ਦਾ ਟਹਿਲਣਾ ਹੋਵੇ ਜਾਂ ਕਿਸੇ ਕੰਮਕਾਰ ਦੇ ਲਈ ਦੁਕਾਨ ਜਾਂ ਕਿਸੇ ਹੋਰ ਸਥਾਨ 'ਤੇ ਜਾਣਾ ਹੋਵੇ , ਸਾਨੂੰ ਪੈਦਲ ਜਾਣ ਨੂੰ ਤਰਜੀਹ ਦੇਣੀ ਚਾਹੀਦੀ ਹੈ ; ਕਿਉਂਕਿ ਪੈਦਲ ਜਾਣ ਦੇ ਇੰਨੇ ਜ਼ਿਆਦਾ ਸਾਡੇ ਸਰੀਰ ਨੂੰ , ਸਾਡੇ ਮਨ ਨੂੰ , ਸਾਡੀਆਂ ਭਾਵਨਾਵਾਂ ਨੂੰ ਤੇ ਸਾਡੀ ਸੋਚ ਨੂੰ ਲਾਭ ਹਨ /ਫਾਇਦੇ ਹਨ ਕਿ ਇਨ੍ਹਾਂ ਬਾਰੇ ਲਿਖਣਾ , ਦੱਸਣਾ ਜਾਂ ਵਿਚਾਰ ਕਰਕੇ ਵਿਅਕਤ ਕਰਨਾ ਸ਼ਾਇਦ ਸੂਰਜ ਨੂੰ ਦੀਵਾ ਦਿਖਾਉਣ ਦੇ ਬਰਾਬਰ ਹੈ। ਪੈਦਲ ਚੱਲਣ ਸਮੇਂ ਜਿੱਥੋਂ ਤੱਕ ਸੰਭਵ ਹੋ ਸਕੇ ਵਧੇਰੇ ਗੱਲਬਾਤ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਤਾਂ ਜੋ ਵੱਧ ਤੋਂ ਵੱਧ ਨੱਕ ਰਾਹੀਂ ਆਕਸੀਜਨ ਅੰਦਰ ਖਿੱਚੀ ਜਾ ਸਕੇ ਅਤੇ ਪੈਦਲ ਚੱਲਣ , ਟਹਿਲਣ , ਸੈਰ ਕਰਨ ਦਾ ਵੱਧ ਤੋਂ ਵੱਧ ਸਾਨੂੰ ਲਾਭ ਮਿਲ ਸਕੇ। ਕਈ ਵਿਦਵਾਨਾਂ ਦਾ ਇਹ ਮੰਨਣਾ ਹੈ ਕਿ ਜੇਕਰ ਅਸੀਂ ਨੰਗੇ ਪੈਰ ( ਬਿਨਾਂ ਚੱਪਲ / ਬੂਟ ਆਦਿ ਪਾਏ ਤੋਂ ) ਸਾਫ ਮਿੱਟੀ 'ਤੇ ਚੱਲੀਏ ਤਾਂ ਇਸ ਨਾਲ ਸਾਨੂੰ ਇੱਕ ਵੱਖਰੀ ਤਰ੍ਹਾਂ ਦੀ ਤਾਜ਼ਗੀ , ਊਰਜਾ ਅਤੇ ਸ਼ਕਤੀ ਪ੍ਰਾਪਤ ਹੁੰਦੀ ਹੈ । ਹਰੇ - ਭਰੇ ਸਾਫ਼ - ਸੁਥਰੇ ਘਾਹ 'ਤੇ ਚੱਲਣਾ ਵੀ ਸਾਡੇ ਸਰੀਰ ਲਈ ਸਾਡੀਆਂ ਅੱਖਾਂ ਦੇ ਲਈ ਲਾਭਦਾਇਕ ਹੁੰਦਾ ਹੈ । ਇਸ ਲਈ ਬਹੁਤੀ ਗੱਲ ਨਾ ਕਰਦੇ ਹੋਏ ਅੱਜ ਆਪਣੀ ਸਰੀਰਕ , ਮਾਨਸਿਕ ਤੇ ਬੌਧਿਕ ਤੰਦਰੁਸਤੀ ਦੇ ਲਈ ਸਾਨੂੰ ਮੁੜ ਪੈਦਲ ਚੱਲਣ ਵੱਲ ਆਪਣੇ ਆਪ ਨੂੰ ਮੋੜਨਾ ਪਵੇਗਾ , ਵਿਚਾਰਨਾ ਪਵੇਗਾ ਅਤੇ ਆਪਣੀ ਸੋਚ ਬਦਲਣੀ ਪਵੇਗੀ ।ਪੈਦਲ ਚੱਲਣ ਵਿੱਚ ਸਾਨੂੰ ਕਿਸੇ ਤਰ੍ਹਾਂ ਦੀ ਸ਼ੰਕਾ ਜਾਂ ਸ਼ਰਮ ਮਹਿਸੂਸ ਨਹੀਂ ਕਰਨੀ ਚਾਹੀਦੀ ਅਤੇ ਨਾ ਹੀ ਪੈਦਲ ਚੱਲਣ ਨੂੰ ਜਾਂ ਪੈਦਲ ਚੱਲਣ ਵਾਲੇ ਨੂੰ ਤ੍ਰਿਸਕਾਰ ਦੀ ਨਜ਼ਰ ਨਾਲ ਦੇਖਣਾ - ਸਮਝਣਾ ਚਾਹੀਦਾ ਹੈ ; ਕਿਉਂਕਿ ਪੈਦਲ ਚੱਲਣਾ ਕੁਦਰਤ ਵੱਲੋਂ ਦਿੱਤੀ ਹੋਈ ਇੱਕ ਵਿਧੀ ਹੈ , ਇੱਕ ਯੋਗਤਾ ਹੈ । ਭਾਵੇਂ ਥੋੜ੍ਹਾ ਹੀ ਪੈਦਲ ਚੱਲੀਏ , ਜ਼ਰੂਰ ਚੱਲਣਾ ਚਾਹੀਦਾ ਹੈ । ਇਸ ਨਾਲ ਜਿੱਥੇ ਸਰੀਰਿਕ ਤੌਰ 'ਤੇ ਲਾਭ ਹੁੰਦਾ ਹੀ ਹੈ , ਉੱਥੇ ਹੀ ਧੁਨੀ ਪ੍ਰਦੂਸ਼ਣ ਤੇ ਹਵਾ ਪ੍ਰਦੂਸ਼ਣ ਤੋਂ ਵੀ ਕਾਫੀ ਹੱਦ ਤੱਕ ਮੁਕਤੀ ਮਿਲਣ ਦੀ ਸੰਭਾਵਨਾ ਬਣਦੀ ਹੈ ਅਤੇ ਸਾਡੇ ਕੀਮਤੀ ਕੁਦਰਤੀ ਖਣਿਜ ਪਦਾਰਥਾਂ ਪੈਟਰੋਲ , ਡੀਜ਼ਲ ਆਦਿ ਦੀ ਵੀ ਬੱਚਤ ਹੋ ਸਕਦੀ ਹੈ ਅਤੇ ਵਾਤਾਵਰਨ ਦੀ ਸ਼ੁੱਧਤਾ ਵਿੱਚ ਵੀ ਵਾਧਾ ਹੋ ਸਕਦਾ ਹੈ , ਜੋ ਕਿ ਸਾਡੇ ਲਈ ਅਤੇ ਸਾਡੀਆਂ ਆਉਣ ਵਾਲੀਆਂ ਨਵੀਆਂ ਪੀੜ੍ਹੀਆਂ ਦੇ ਲਈ ਬਹੁਤ ਜ਼ਰੂਰੀ ਹੈ । ਸਾਡੇ ਰਾਸ਼ਟਰਪਿਤਾ ਸਤਿਕਾਰਯੋਗ ਮਹਾਤਮਾ ਗਾਂਧੀ ਜੀ ਨੇ ਵੀ ਪੈਦਲ ਚੱਲਣ ਤੇ ਟਹਿਲਣ ਨੂੰ " ਕਸਰਤਾਂ ਦੀ ਰਾਣੀ " ਕਹਿ ਕੇ ਸਤਿਕਾਰ ਵਜੋਂ ਨਿਵਾਜਿਆ ਹੈ ਅਤੇ ਇਸ ਦੀ ਵਿਸ਼ੇਸ਼ਤਾ ਨੂੰ ਸਮਝਿਆ ਹੈ ਤੇ ਆਪਣੇ ਜੀਵਨ ਵਿੱਚ ਅਪਣਾਇਆ ਹੈ । ਅੱਜ ਵਿਚਾਰਨ ਵਾਲੀ ਗੱਲ ਹੈ ਕਿ ਡਾਕਟਰ ਹਰ ਕਿਸੇ ਨੂੰ ਸੈਰ ਕਰਨ , ਪੈਦਲ ਚੱਲਣ ਤੇ ਟਹਿਲਣ ਲਈ ਵਾਰ - ਵਾਰ ਪ੍ਰੇਰਿਤ ਕਰਦੇ ਹਨ ; ਕਿਉਂਕਿ ਪੈਦਲ ਚੱਲਣ ਦੇ ਅਨੇਕਾਂ ਅਣਗਿਣਤ ਬੇਅੰਤ ਲਾਭ ਹਨ ਅਤੇ ਸਾਨੂੰ ਇਨ੍ਹਾਂ ਦਾ ਫਾਇਦਾ ਪੈਦਲ ਚੱਲ ਕੇ ਜਰੂਰ ਜਰੂਰ ਜ਼ਰੂਰ ਲੈਣਾ ਚਾਹੀਦਾ ਹੈ ।

" ਪੈਦਲ ਚੱਲਣਾ ਹੈ ਤੰਦਰੁਸਤੀ ਦਾ ਖਜ਼ਾਨਾ ,
ਪੈਦਲ ਚੱਲ ਕੇ ਹਰ ਕੋਈ ਤੰਦਰੁਸਤ ਰਹੇ ,
ਭਾਵੇਂ ਆਪਣਾ , ਭਾਵੇਂ ਬੇਗਾਨਾ ।
ਤੁਰਨਾ ਹੈ ਜ਼ਿੰਦਗੀ ,
ਕਹਿ ਗਏ ਸੱਚ ਸਿਆਣੇ ,
ਆਓ ਇਸ ਨੂੰ ਸਮਝੀਏ ਤੇ ਅਮਲ ਕਰੀਏ ,
ਸਿਹਤ ਦੀ ਕਰੀਏ ਪਰਵਾਹ ,
ਤੇ ਬਣੀਏ ਸਿਆਣੇ ।
ਪੈਦਲ ਚੱਲ ਕੇ ਵਾਤਾਵਰਨ ਨੂੰ ਬਚਾਈਏ ,
ਆਪਣੀ ਸਿਹਤ ਨੂੰ ਤੰਦਰੁਸਤ ਬਣਾਈਏ ।
ਚੱਲ ਕੇ ਪੈਦਲ ,
ਸਿਹਤ ਦੀ ਤੰਦਰੁਸਤੀ ਦਾ ਸੁੱਖ ਪਾਓ ,
ਘਰ , ਸਮਾਜ ਅਤੇ ਦੇਸ਼ ਨੂੰ ,
ਹਰਾ - ਭਰਾ ਅਤੇ ਖੁਸ਼ਹਾਲ ਬਣਾਓ ।"

ਮਾਸਟਰ ਸੰਜੀਵ ਧਰਮਾਣੀ
( ਸਟੇਟ ਐਵਾਰਡੀ )
ਸ੍ਰੀ ਅਨੰਦਪੁਰ ਸਾਹਿਬ
ਸਾਹਿਤ ਵਿੱਚ ਕੀਤੇ ਕੰਮਾਂ ਲਈ ਲੇਖਕ ਦਾ ਨਾਂ " ਇੰਡੀਆ ਬੁੱਕ ਆੱਫ਼ ਰਿਕਾਰਡਜ਼ " ਵਿੱਚ ਦਰਜ਼ ਹੈ। 9478561356



VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ
6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ 06 ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।

Office: 416-654-1010

Sutton


Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਕੀ ਹੜ੍ਹ ਤੇ ਪਲਾਸਟਿਕ ਪ੍ਰਦੂਸ਼ਣ ਲਈ ਸਰਕਾਰਾਂ ਤੇ ਲੋਕ ਖੁਦ ਜ਼ਿੰਮੇਵਾਰ ਹਨ?



ਸੁਰਜੀਤ ਸਿੰਘ ਫਲੋਰਾ

ਪਲਾਸਟਿਕ ਪ੍ਰਦੂਸ਼ਣ ਮਨੁੱਖੀ ਸਿਹਤ 'ਤੇ ਕਈ ਤਰੀਕਿਆਂ ਨਾਲ ਮਾੜਾ ਪ੍ਰਭਾਵ ਪਾ ਰਿਹਾ ਹੈ। ਜਦੋਂ ਪਲਾਸਟਿਕ ਦਾ ਕੂੜਾ ਵਾਤਾਵਰਨ ਵਿੱਚ ਦਾਖਲ ਹੁੰਦਾ ਹੈ, ਤਾਂ ਇਹ ਮਾਈਕ੍ਰੋਪਲਾਸਟਿਕਸ ਨਾਮਕ ਛੋਟੇ ਕਣਾਂ ਚੂਰ-ਚੂਰ ਹੋ ਜਾਂਦਾ ਹੈ, ਜੋ ਖਾਣ ਵਾਲੀਆਂ ਚੀਜ਼ਾ ਵਿਚ ਦਾਖਲ ਹੋ ਜਾਂਦਾ ਹੈ ਅਤੇ ਸੰਭਾਵੀ ਤੌਰ 'ਤੇ ਸਾਡੇ ਦੁਆਰਾ ਖਾਧੇ ਭੋਜਨ ਨੂੰ ਦੂਸ਼ਿਤ ਕਰ ਦਿੰਦਾ ਹੈ। ਮਾਈਕ੍ਰੋਪਲਾਸਟਿਕਸ ਕਈ ਤਰ੍ਹਾਂ ਦੇ ਭੋਜਨ ਸਰੋਤਾਂ ਵਿੱਚ ਪਾਇਆ ਗਿਆ ਹੈ, ਜਿਸ ਵਿੱਚ ਸਮੁੰਦਰੀ ਭੋਜਨ, ਨਮਕ ਅਤੇ ਇੱਥੋਂ ਤੱਕ ਕਿ ਪੀਣ ਵਾਲਾ ਪਾਣੀ ਵਿੱਚ ਵੀ ਸ਼ਾਮਲ ਹੁੰਦਾ ਹੈ। ਕੁਝ ਅਧਿਐਨਾਂ ਦਾ ਸੁਝਾਅ ਹੈ ਕਿ ਮਾਈਕ੍ਰੋਪਲਾਸਟਿਕਸ ਦੇ ਸੰਪਰਕ ਵਿੱਚ ਸੋਜਸ਼, ਆਕਸੀਡੇਟਿਵ ਤਣਾਅ, ਅਤੇ ਹੋਰ ਸਿਹਤ ਸਮੱਸਿਆਵਾਂ ਹੋ ਸਕਦੀਆਂ ਹਨ।

ਪਲਾਸਟਿਕ ਪ੍ਰਦੂਸ਼ਣ ਅਸਿੱਧੇ ਤੌਰ 'ਤੇ ਸਿਹਤ 'ਤੇ ਵੀ ਪ੍ਰਭਾਵ ਪਾ ਸਕਦਾ ਹੈ। ਉਦਾਹਰਨ ਲਈ, ਜਦੋਂ ਪਲਾਸਟਿਕ ਦੀ ਰਹਿੰਦ-ਖੂੰਹਦ ਨੂੰ ਸਾੜਿਆ ਜਾਂਦਾ ਹੈ, ਤਾਂ ਇਹ ਹਵਾ ਵਿੱਚ ਜ਼ਹਿਰੀਲੇ ਰਸਾਇਣ ਛੱਡਦਾ ਹੈ, ਜਿਸ ਨਾਲ ਸਾਹ ਦੀਆਂ ਸਮੱਸਿਆਵਾਂ ਅਤੇ ਹੋਰ ਸਿਹਤ ਸਮੱਸਿਆਵਾਂ ਦਾ ਇੰਨਸਾਨ ਹੀ ਨਹੀਂ ਬੱਲਕੇ ਹਰ ਜੰਗਲੀ ਜੀਵਾਂ ਨੂੰ ਵੀ ਨੁਕਸਾਨ ਪਹੁੰਚਾ ਹੈ। ਜਿਹਨਾਂ ਦਾ ਮਨੁੱਖੀ ਸਿਹਤ ਤੇ ਵਿਆਪਕ ਪ੍ਰਭਾਵ ਪਾ ਸਕਦਾ ਹੈ ਜਿਵੇਂ ਕਿ ਵਾਤਾਵਰਣ ਪ੍ਰਣਾਲੀਆਂ ਨੂੰ ਵਿਗਾੜਨਾ ਜੋ ਸਾਫ਼ ਹਵਾ ਅਤੇ ਪਾਣੀ ਵਰਗੀਆਂ ਮਹੱਤਵਪੂਰਨ ਸੇਵਾਵਾਂ ਪ੍ਰਦਾਨ ਕਰਦੇ ਹਨ।

ਪਲਾਸਟਿਕ ਪ੍ਰਦੂਸ਼ਣ ਤੋਂ ਆਪਣੇ ਆਪ ਨੂੰ ਬਚਾਉਣ ਲਈ, ਵਿਅਕਤੀ ਕਈ ਕਦਮ ਚੁੱਕ ਸਕਦੇ ਹਨ। ਇੱਕ ਤਾਂ ਇਹ ਹੈ ਕਿ ਉਹਨਾਂ ਦੀ ਸਿੰਗਲ-ਯੂਜ਼ ਪਲਾਸਟਿਕ ਜਿਵੇਂ ਕਿ ਪਲਾਸਟਿਕ ਦੀਆਂ ਥੈਲੀਆਂ , ਗਰਬੇਜ ਬੈਗ ਅਤੇ ਪਾਣੀ ਦੀਆਂ ਬੋਤਲਾਂ ਦੀ ਵਰਤੋਂ ਨੂੰ ਘਟਾਉਣਾ। ਇਸ ਦੀ ਬਜਾਏ, ਵਿਅਕਤੀ ਮੁੜ ਵਰਤੋਂ ਯੋਗ ਵਿਕਲਪਾਂ ਦੀ ਵਰਤੋਂ ਕਰ ਸਕਦੇ ਹਨ ਜਿਵੇਂ ਕਿ ਕੱਪੜੇ ਦੇ ਥੈਲੇ, ਧਾਤ ਦੀਆਂ ਤੂੜੀਆਂ ਅਤੇ ਮੁੜ ਭਰਨ ਯੋਗ ਪਾਣੀ ਦੀਆਂ ਬੋਤਲਾਂ।

ਪਲਾਸਟਿਕ ਪ੍ਰਦੂਸ਼ਣ ਤੋਂ ਬਚਾਉਣ ਦਾ ਇੱਕ ਹੋਰ ਤਰੀਕਾ ਹੈ ਪਲਾਸਟਿਕ ਦੇ ਕੂੜੇ ਦਾ ਸਹੀ ਢੰਗ ਨਾਲ ਨਿਪਟਾਰਾ ਕਰਨਾ। ਇਸਦਾ ਮਤਲਬ ਹੈ ਜਦੋਂ ਵੀ ਸੰਭਵ ਹੋਵੇ ਪਲਾਸਟਿਕ ਉਤਪਾਦਾਂ ਨੂੰ ਰੀਸਾਈਕਲ ਕਰਨਾ ਅਤੇ ਕੂੜਾ ਸੁੱਟਣ ਦੀ ਬਜਾਏ ਕੂੜੇ ਵਿੱਚ ਪਲਾਸਟਿਕ ਦੇ ਕੂੜੇ ਦਾ ਨਿਪਟਾਰਾ ਕਰਨਾ। ਪਲਾਸਟਿਕ ਦੇ ਕੂੜੇ ਦਾ ਸਹੀ ਨਿਪਟਾਰਾ ਪਲਾਸਟਿਕ ਦੀ ਮਾਤਰਾ ਨੂੰ ਘਟਾਉਣ ਵਿੱਚ ਮਦਦ ਕਰਦਾ ਹੈ ਜੋ ਵਾਤਾਵਰਣ ਵਿੱਚ ਦਾਖਲ ਹੁੰਦਾ ਹੈ ਅਤੇ ਸੰਭਾਵੀ ਤੌਰ 'ਤੇ ਭੋਜਨ ਲੜੀ ਨੂੰ ਦੂਸ਼ਿਤ ਕਰਦਾ ਹੈ।

ਕੁੱਲ ਮਿਲਾ ਕੇ, ਪਲਾਸਟਿਕ ਪ੍ਰਦੂਸ਼ਣ ਨੂੰ ਘਟਾਉਣਾ ਨਾ ਸਿਰਫ਼ ਵਾਤਾਵਰਣ ਦੀ ਸਥਿਰਤਾ ਲਈ, ਸਗੋਂ ਮਨੁੱਖੀ ਸਿਹਤ ਦੀ ਰੱਖਿਆ ਲਈ ਵੀ ਮਹੱਤਵਪੂਰਨ ਹੈ। ਪਲਾ-ਸਟਿਕ ਦੀ ਵਰਤੋਂ ਨੂੰ ਘਟਾਉਣ ਅਤੇ ਪਲਾ-ਸਟਿਕ ਦੇ ਕੂੜੇ ਨੂੰ ਸਹੀ ਢੰਗ ਨਾਲ ਨਿਪਟਾਉਣ ਲਈ ਕਦਮ ਚੁੱਕ ਕੇ, ਵਿਅਕਤੀ ਵਾਤਾਵਰਣ ਅਤੇ ਮਨੁੱਖੀ ਸਿਹਤ ਦੋਵਾਂ 'ਤੇ ਪਲਾਸਟਿਕ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਨੂੰ ਘਟਾਉਣ ਵਿੱਚ ਮਦਦ ਕਰ ਸਕਦੇ ਹੋ।

ਇਸ ਦੇ ਨਾਲ ਹੀ ਕੱਚਾ ਤੇਲ, ਕੁਦਰਤੀ ਗੈਸ ਅਤੇ ਕੋਲਾ ਪਲਾਸਟਿਕ ਦੇ ਨਿਰਮਾਣ ਬਲਾਕ ਹਨ। ਇਹ ਧਰਤੀ ਤੋਂ ਕੱਢੇ ਜਾਂਦੇ ਹਨ ਅਤੇ ਪ੍ਰੋਸੈਸਿੰਗ ਪਲਾਂਟਾਂ ਵਿੱਚ ਲਿਜਾਏ ਜਾਂਦੇ ਹਨ। ਪ੍ਰਕਿਰਿਆ ਵਿੱਚ ਨਿਕਲਣ ਵਾਲੀਆਂ ਗਰਮ ਹਵਾਵਾਂ ਬਹੁਤ ਜ਼ਿਆਦਾ ਹਨ; ਸੰਸਾਰ ਵਿੱਚ ਅਰਬਾਂ ਟਨ ਸਾਲਾਨਾ ਗਰਮ ਧਾਤਾਂ ਦਾ ਨਿਕਾਸ ਦਾ ਕਾਰਨ ਸਿਰਫ਼ ਪਲਾਸਟਿਕ ਬਣਾਉਣ ਦੀਆਂ ਗਤੀਵਿਧੀਆਂ ਨੂੰ ਮੰਨਿਆ ਜਾਂਦਾ ਹੈ। ਜਦੋਂ ਇਹ ਪਲਾਸਟਿਕ ਤਿਆਰ ਕੀਤੇ ਜਾਂਦੇ ਹਨ ਅਤੇ ਵਰਤੇ ਜਾਂਦੇ ਹਨ, ਜਿਆਦਾਤਰ ਸਿੰਗਲ-ਯੂਜ਼ ਪਲਾਸਟਿਕ (ਲਗਭਗ 40 ਪ੍ਰਤੀਸ਼ਤ ਬਣਦੇ ਹਨ) ਦੇ ਰੂਪ ਵਿੱਚ ਇਹ ਇੱਕ ਹੋਰ ਵਿਨਾਸ਼ਕਾਰੀ ਪੜਾਅ ਵਿੱਚ ਦਾਖਲ ਹੁੰਦੇ ਹਨ। ਲੋਕ ਪਲਾਸਟਿਕ ਦੀ ਵਰਤੋਂ ਕਰਦੇ ਹਨ ਅਤੇ ਇਸਨੂੰ ਲੈਂਡਫਿਲ ਵਿੱਚ ਸੁੱਟ ਦਿੰਦੇ ਹਨ, ਉਹਨਾਂ ਨੂੰ ਸਾੜਦੇ ਹਨ, ਅਤੇ ਕਦੇ-ਕਦਾਈਂ ਰੀਸਾਈਕਲ ਕਰਦੇ ਹਨ।

ਪਲਾਸਟਿਕ ਨੂੰ ਸਾੜਨ ਨਾਲ ਹਵਾ ਪ੍ਰਦੂਸ਼ਣ ਹੁੰਦਾ ਹੈ। ਜਲਣ ਵਾਲੇ ਖੇਤਰਾਂ ਦੇ ਨੇੜੇ ਰਹਿਣ ਵਾਲੇ ਲੋਕ ਸਾੜਨ ਵਿੱਚ ਪੈਦਾ ਹੋਣ ਵਾਲੇ ਸੈਂਕੜੇ ਨੁਕਸਾਨਦੇਹ ਪ੍ਰਦੂਸ਼ਕ ਸਾਹ ਲੈਂਦੇ ਹਨ। ਇਹ ਲੋਕ ਸਾਹ ਦੀਆਂ ਸਮੱਸਿਆਵਾਂ ਸਮੇਤ ਸਿਹਤ ਸਮੱਸਿਆਵਾਂ ਤੋਂ ਪੀੜਤ ਹੋ ਜਾਂਦੇ ਹਨ। ਇਸ ਤੱਥ ਦਾ ਵੀ ਜ਼ਿਕਰ ਕੀਤਾ ਜਾਣਾ ਚਾਹੀਦਾ ਹੈ ਕਿ ਸਾੜਨ ਵਾਲੀਆਂ ਥਾਵਾਂ ਆਮ ਤੌਰ 'ਤੇ ਉਨ੍ਹਾਂ ਖੇਤਰਾਂ ਦੇ ਨੇੜੇ ਹੁੰਦੀਆਂ ਹਨ ਜਿੱਥੇ ਝੁੱਗੀਆਂ ਹੁੰਦੀਆਂ ਹਨ। ਜਿਹੜੇ ਲੋਕ ਪਹਿਲਾਂ ਹੀ ਗਰੀਬ ਹਨ ਅਤੇ ਵੱਡੇ-ਲੀਗ ਦੀਆਂ ਆਰਥਿਕ ਗਤੀਵਿਧੀਆਂ ਤੋਂ ਬਾਹਰ ਹਨ, ਉਹ ਬਹੁਤ ਸਾਰੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਬਹੁ-ਆਯਾਮੀ ਗਰੀਬੀ ਦੀ ਇੱਕ ਪਾਸ਼ ਵਿੱਚ ਡੂੰਘੇ ਡੁੱਬ ਜਾਂਦੇ ਹਨ।

ਪਲਾਸਟਿਕ, ਇੱਕ ਵਾਰ ਨਿਪਟਾਰੇ ਤੋਂ ਬਾਅਦ, ਛੋਟੇ ਟੁਕੜਿਆਂ ਵਿੱਚ ਟੁੱਟ ਜਾਂਦਾ ਹੈ, ਜਿਸਨੂੰ ਮਾਈਕ੍ਰੋਪਲਾਸਟਿਕ ਕਿਹਾ ਜਾਂਦਾ ਹੈ। ਇਹ ਦੁਨੀਆ ਭਰ ਵਿੱਚ ਹਵਾ ਅਤੇ ਪਾਣੀ ਦੁਆਰਾ ਲਿਜਾਏ ਜਾਂਦੇ ਹਨ, ਜਿਸ ਨਾਲ ਮਨੁੱਖੀ ਅਤੇ ਜਾਨਵਰਾਂ ਦੀ ਸਿਹਤ ਨੂੰ ਕਾਫ਼ੀ ਜੋਖ਼ਮ ਹੁੰਦਾ ਹੈ।

ਇਸ ਦੇ ਨਾਲ ਹੀ ਦਰਖ਼ਤਾਂ ਦੀ ਕਟਾਈ ਤੇ ਫੈਲ ਰਿਹਾ ਪਲਾਸਟਿਕ ਪ੍ਰਦੂਸਰਨ ਹੀ ਦੁਨੀਆਂ ਭਰ ਦੇ ਵਾਤਾਵਰਨ ਨੂੰ ਬਦਲ ਰਿਹਾ ਹੈ। ਜਿਸ ਕਾਰਨ ਗਰੀਨ ਹਊਸ ਗੈਸਾ ਵੱਧ ਚੁਕੀਆਂ ਹਨ, ਤੇ ਸਾਰੀ ਦੁਨੀਆਂ ਵਿਚ ਕਈ ਥਾਵਾਂ ਤੇ ਪਾਣੀ ਸੁਕਦਾ ਜਾ ਰਿਹਾ ਹੈ ਤੇ ਕਈ ਥਾਵਾਂ ਤੇ ਮੀਂਹ ਹਨੇਰੀ ਕਾਰਨ ਹੜ੍ਹਾ ਨੇ ਤਬਾਹੀ ਮਚਾਈ ਹੋਈ ਹੈ। ਬੀਤੇ ਦਿਨਾ ਤੋਂ ਭਾਰਤ ਵਿਚ ਪੈ ਰਹੇ ਮੀਂਹ ਤੇ ਜੋ ਨੁਕਸਾਨ ਹੋ ਰਿਹਾ ਹੈ ਇਸ ਦਾ ਮਨੁਖ ਖੁਦ ਜਿਮੇਂਵਾਰ ਹੈ।

ਕੇਂਦਰੀ ਤੇ ਸੂਬਾਈ ਏਜੰਸੀਆਂ ਦਰਮਿਆਨ ਵਧਿਆ ਤਾਲਮੇਲ ਸਦਕਾ ਬੀਤੇ ਮਹੀਨੇ ਬਿਪਰਜੁਆਏ ਸਮੁੰਦਰੀ ਵਾਵਰੋਲਾ ਬਹੁਤਾ ਨੁਕਸਾਨ ਕੀਤੇ ਬਿਨਾਂ ਲੰਘ ਗਿਆ ਸੀ। ਪਰ ਹੜ੍ਹਾਂ ਤੋਂ ਬਚਨ ਲਈ ਹਾਲੇ ਕੁਝ ਉਪਾਅ ਨਹੀਂ ਲੱਭ ਪਾਈ ਸਾਇੰਸ, ਜਿਸ ਨਾਲ ਹੜ੍ਹਾਂ ਤੇ ਹੋਰ ਖ਼ਤਰਨਾਕ ਮੌਸਮੀ ਹਾਲਾਤ ਨਾਲ ਸਿੱਝਣ ਤੇ ਉਨ੍ਹਾਂ ਦੀ ਮਾਰ ਘਟਾਉਣ ਲਈ ਕੋਈ ਜੰਤਰ ਲਗਾਇਆਂ ਜਏ, ਕਿਉਂਕਿ ਅਜਿਹੀਆਂ ਆਫ਼ਤਾਂ ਦੀ ਸ਼ਿੱਦਤ ਤੇ ਇਨ੍ਹਾਂ ਦੇ ਆਉਣ ਦਾ ਸਿਲਸਿਲਾ ਸਾਰੀ ਦੁਨੀਆਂ ਵਿਚ ਲਗਾਤਾਰ ਵਧ ਰਿਹਾ ਹੈ। ਆਫ਼ਤ ਪ੍ਰਬੰਧਨ ਸਰਕਾਰਾਂ ਦੀ ਤਰਜੀਹ ਹੋਣੀ ਚਾਹੀਦੀ ਹੈ।

ਪਰ ਇਹ ਸਰਕਾਰਾਂ ਜਦੋਂ ਹੜ੍ਹ ਆਉਂਦੇ ਹਨ ਫਿਰ ਸਰਕਾਰੀ ਗੱਡੀਆਂ ਨੂੰ ਭਜਾ-ਭਜਾ ਕਿਚੜ ਨਾਲ ਤੇ ਪਾੜੇ ਨਾਲ ਭਰਿਆ ਸੜਕਾ ਦੀ ਹੋਰ ਲੱਸੀ ਬਣਾ ਦਿੰਦੇ ਹਨ। ਜਦ ਤੱਕ ਪਾਣੀ ਆਪਣਾ ਕੰਮ ਕਰ ਚੁੱਕਾ ਹੁੰਦਾ ਹੈ। ਕਈ ਲੋਕਾਂ ਨੂੰ ਘਰੋਂ ਬੇਘਰ ਬੱਚਿਆਂ ਨੂੰ ਅਨਾਥ ਕਰ ਚੁੱਕਾ ਹੁੰਦਾ ਹੈ। ਘਰ -ਵਰ , ਵਿਦਿਆਂ ਵਿਚਾਰੀ ਵਾਲੇ ਸਕੂਲ- ਕਾਲਜ਼ ਸਭ ਢਹਿ-ਢੇਰੀ ਹੋ ਚੁੱਕੇ ਹੁੰਦੇ ਹਨ। ਲੋਕ ਸੜਕਾਂ 'ਤੇ ਜਾਂ ਕਿਸੇ ਉਚੀ ਸੁਰੱਖਿਅਤ ਥਾਂ 'ਤੇ ਜਾਨ ਬਚਾਉਂਦੇ ਹੋਏ ਹੱਥ ਮਾਰ ਰਹੇ ਹੁੰਦੇ ਹਨ। ਖਾਣੇ ਲਈ ਤੇ ਆਪਣਾ ਤੇ ਆਪਣੇ ਬੱਚਿਆਂ ਦਾ ਤਨ ਢਕਣ ਲਈ ਚਿੰਤਤ ਹੋਏ ਇੱਧਰ-ਉੱਧਰ ਆਸਰਾ ਭਾਲਦੇ ਰੱਬ ਨੂੰ ਕੋਸਦੇ ਤੇ ਲਲਚਾਈਆਂ ਨਜ਼ਰਾਂ ਨਾਲ ਲੋਕਾਂ ਦੇ ਹੱਥਾਂ ਵੱਲ ਵੇਖਣ ਲਈ ਮਜਬੂਰ ਹੋ ਜਾਂਦੇ ਹਨ। ਪਰ ਇਹ ਲੀਡਰ ਜਗ੍ਹਾਂ ਜਗ੍ਹਾ ਹੈਲੀਕੈਪਟਰਾਂ ਵਿਚ ਘੁੰਮਦੇ ਹੋ ਫੋਟੋਆਂ ਨਾਲ ਸੁਰਖ਼ੀਆਂ ਬਟੋਰ ਰਹੇ ਹੁੰਦੇ ਹਨ।

ਪਰ ਕੌੜਾਂ ਸੱਚ ਇਹ ਵੀ ਹੈ ਕਿ ਇੰਨਸਾਨ ਖੁਦ ਵੀ ਇਸ ਦਾ ਜਿਮੇਂਵਾਰ ਹੈ, ਕਿਉਂਕਿ ਦਰਖ਼ਤਾਂ ਨੂੰ ਕੱਟ ਕੱਟ ਕੇ ਜਿਥੇ ਦਿਲ ਕੀਤਾ ਖ਼ਾਦਾ ਪੀਤਾਂ, ਤੇ ਕਚਰਾ, ਗੰਦਗੀ ਫੈਲਾ ਦਿੱਤੀ। ਅਸੀਂ ਆ ਬੈਲ ਮੁਝੇ ਮਾਰ ਵਾਲੀਆਂ ਹਰਕਤਾਂ ਨੂੰ ਸੱਦਾ ਤਾਂ ਖੁਦ ਦਿੰਦੇ ਹਾਂ ।

ਇਹ ਪ੍ਰਬੰਧ ਕਿਸੇ ਆਫ਼ਤ ਦੇ ਆਉਣ 'ਤੇ ਹੀ ਨਜਿੱਠੇ ਜਾਣ ਵਾਲੀ ਪਹੁੰਚ 'ਤੇ ਆਧਾਰਿਤ ਨਹੀਂ ਰਹਿਣੇ ਚਾਹਿੰਦੇ ਬੱਲਕੇ ਇਹ ਸਭ ਤਿਆਰ ਹੋਣੇ ਚਾਹਿੰਦੇ ਹਨ। ਇਸ ਦੇ ਨਾਲ ਹੀ ਸੂਬਿਆਂ ਨੂੰ ਆਪਣੇ ਕਰਮਚਾਰੀਆਂ ਨੂੰ ਉਚਿਤ ਸਿਖਲਾਈ ਦੇਣ ਅਤੇ ਜ਼ਰੂਰੀ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਪ੍ਰਬੰਧ ਵੀ ਕਰਨੇ ਚਾਹੀਦੇ ਹਨ। ਸਿਰਫ਼ ਆਫ਼ਤ ਆਉਣ 'ਤੇ ਹੀ ਨਜਿੱਠਣ ਵਾਲੀ ਪਹੁੰਚ ਅਜਿਹੀਆਂ ਆਫ਼ਤਾਂ ਤੋਂ ਕੋਈ ਸੁਰੱਖਿਆ ਮੁਹੱਈਆ ਨਹੀਂ ਕਰਵਾ ਸਕਦੀ।

ਪਲਾਸਟਿਕ ਪ੍ਰਦੂਸ਼ਣ ਇੱਕ ਗੰਭੀਰ ਚਿੰਤਾ ਹੈ। ਇਹ ਹਰ ਪਾਸੇ ਜੀਵਨ ਨੂੰ ਪ੍ਰਭਾਵਿਤ ਕਰਦਾ ਹੈ। ਬਹੁਤ ਜਲਦ ਕੁਝ ਕਰਨ ਦੀ ਲੋੜ ਹੈ, ਸਰਕਾਰਾਂ ਅਤੇ ਜੰਨਤਾਂ ਨੂੰ ਮਿਲਕੇ ਕੰਮ ਕਰਨਾ ਚਾਹਿੰਦਾ ਹੈ ਅਤੇ ਕੁਝ ਠੋਸ ਕਦਮ ਚੁਕਣੇ ਚਾਹੰਦੇ ਹਨ। ਨਹੀਂ ਤਾਂ ਜੋ ਭਾਰਤ ਅਤੇ ਹੋਰ ਕਈ ਦੇਸ਼ਾ ਵਿਚ ਮੀਂਹ ਕਾਰਨ ਤਬਾਹੀ ਹੋਈ ਹੈ, ਇਕ ਵਾਰ ਨਹੀਂ ਬੱਲਕੇ ਬਾਰ- ਬਾਰ ਘਾਤਕ ਹੋ ਸਕਦੀ ਹੈ ਤੇ ਅਰਬਾਂ ਰੁਪਿਆਂ ਦਾ ਨੁਕਸਾਨ ਕਰ ਸਕਦੀ ਹੈ।










## ਲੜਕੀ ਦੀ ਲੋੜ

"ਸਿੱਖ ਰਾਮਗੜ੍ਹੀਆ ਲੜਕਾ, ਉਮਰ 32 ਸਾਲਾ, ਕੱਦ: 5"10', ਓਨਟਾਰੀਓ ਅਤੇ ਵਿਨੀਪੈਗ ਵਿੱਚ ਕਾਰੋਬਾਰ ਕਰ ਰਹੇ ਅਤੇ ਰੀਅਲ ਅਸਟੇਟ ਅਤੇ ਵਿੱਤੀ ਕਾਰੋਬਾਰ ਵਿੱਚ ਸਰਗਰਮ, ਪਰਿਵਾਰ ਕੈਨੇਡਾ ਵਿੱਚ ਸੈਟਲਡ ਹੈ, ਲਈ ਇੱਕ ਸੁੰਦਰ ਅਤੇ ਸੁਸ਼ੀਲ ਲੜਕੀ ਦੀ ਲੋੜ। ਸੰਪਰਕ: 204-510-7658 ਜਾਂ 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com















## 2 ਘੰਟੇ ਤੱਕ ਉਡੀਕ ਕਰਨ ਤੋਂ ਬਾਅਦ ਜਹਾਜ਼ ਦੇ ਫਰਸ਼ 'ਤੇ ਔਰਤ ਨੇ ਕੀਤਾ ਪਿਸ਼ਾਬ, ਚਾਲਕ ਦਲ ਨੇ ਉਸ ਨੂੰ ਵਾਸ਼ਰੂਮ ਦੀ ਵਰਤੋਂ ਨਹੀਂ ਕਰਨ ਦਿੱਤੀ

ਵਾਸ਼ਿੰਗਟਨ, 23 ਜੁਲਾਈ (ਪੋਸਟ ਬਿਊਰੋ): ਅਮਰੀਕੀ ਸਪਿਰਿਟ ਏਅਰਲਾਈਨ ਦੇ ਜਹਾਜ਼ ਦੇ ਫਰਸ਼ 'ਤੇ ਇਕ ਔਰਤ ਨੇ ਪਿਸ਼ਾਬ ਕਰ ਦਿੱਤਾ। ਮਹਿਲਾ ਦਾ ਕਹਿਣਾ ਹੈ ਕਿ ਜਹਾਜ਼ ਦੇ ਚਾਲਕ ਦਲ ਨੇ ਉਸ ਨੂੰ ਕਈ ਘੰਟਿਆਂ ਤੱਕ ਜਹਾਜ਼ ਦਾ ਵਾਸ਼ਰੂਮ ਵਰਤਣ ਦੀ ਇਜਾਜ਼ਤ ਨਹੀਂ ਦਿੱਤੀ, ਇਸ ਲਈ ਉਸ ਨੂੰ ਅਜਿਹਾ ਕਰਨ ਲਈ ਮਜ਼ਬੂਰ ਕੀਤਾ ਗਿਆ। ਵਿਊ ਫਰੌਮ ਦ ਵਿੰਗ ਨਾਂ ਦੀ ਵੈੱਬਸਾਈਟ ਨੇ ਇਸ ਘਟਨਾ ਦੀ ਜਾਣਕਾਰੀ ਦਿੱਤੀ ਹੈ।




ਵੈੱਬਸਾਈਟ ਮੁਤਾਬਕ ਮਹਿਲਾ ਯਾਤਰੀ ਨੇ ਦਾਅਵਾ ਕੀਤਾ ਕਿ ਉਸ ਨੇ ਦੋ ਘੰਟੇ ਇੰਤਜ਼ਾਰ ਕੀਤਾ ਅਤੇ ਜਦੋਂ ਉਹ ਬਰਦਾਸ਼ਤ ਨਹੀਂ ਕਰ ਸਕੀ ਤਾਂ ਉਸ ਨੇ ਜਹਾਜ਼ ਦੇ ਫਰਸ਼ 'ਤੇ ਪਿਸ਼ਾਬ ਕਰ ਦਿੱਤਾ। ਔਰਤ ਦੀ ਇਸ ਘਟਨਾ ਨੂੰ ਕੈਬਿਨ ਕਰੂ ਦੇ ਇੱਕ ਮੈਂਬਰ ਨੇ ਰਿਕਾਰਡ ਕੀਤਾ ਹੈ।

ਸਪਿਰਿਟ ਏਅਰਲਾਈਨਜ਼ ਵਲੋਂ ਸ਼ੇਅਰ ਕੀਤੇ ਗਏ ਵੀਡੀਓ ਦੇ ਕੈਪਸ਼ਨ ਵਿਚ ਲਿਖਿਆ ਹੈ ਕਿ ਇੱਕ ਅਫਰੀਕੀ ਅਮਰੀਕੀ ਔਰਤ ਨੇ ਫਲਾਈਟ ਵਿੱਚ ਫਰਸ਼ 'ਤੇ ਪਿਸ਼ਾਬ ਕਰ ਦਿੱਤਾ ਕਿਉਂਕਿ ਉਹ ਟੇਕ ਆਫ ਤੋਂ ਬਾਅਦ ਟਾਇਲਟ ਖੁੱਲ੍ਹਣ ਦਾ ਇੰਤਜ਼ਾਰ ਨਹੀਂ ਕਰਨਾ ਚਾਹੁੰਦੀ ਸੀ।

ਫਲਾਈਟ ਅਟੈਂਡੈਂਟ ਨੇ ਉਸ ਨੂੰ ਕਿਹਾ ਕਿ ਉਸ ਨੂੰ ਪਾਣੀ ਪੀਣਾ ਚਾਹੀਦਾ ਹੈ ਕਿਉਂਕਿ ਉਸ ਦੇ ਪਿਸ਼ਾਬ ਤੋਂ ਬਦਬੂ ਆ ਰਹੀ ਸੀ। ਵੀਡੀਓ 'ਚ ਔਰਤ ਜਹਾਜ਼ ਦੇ ਫਰਸ਼ 'ਤੇ ਬੈਠ ਕੇ ਬਹਿਸ ਕਰਦੀ ਨਜ਼ਰ ਆ ਰਹੀ ਹੈ, ਜਦਕਿ ਇਕ ਹੋਰ ਔਰਤ ਮੂੰਹ ਮੋੜ ਕੇ ਖੜ੍ਹੀ ਹੈ। ਸਪਿਰਿਟ ਏਅਰਲਾਈਨ ਨੇ ਇਸ ਮਾਮਲੇ 'ਤੇ ਅਜੇ ਤੱਕ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ।

## ਸੰਧਵਾਂ ਨੇ ਅਮਿਤ ਸ਼ਾਹ ਨੂੰ ਪੱਤਰ ਲਿਖਕੇ ਮਨੀਪੁਰ ਦਹਿਸ਼ਤ ਲਈ ਮਿਸਾਲੀ ਸਜ਼ਾ ਦੀ ਕੀਤੀ ਮੰਗ

ਚੰਡੀਗੜ੍ਹ, 23 ਜੁਲਾਈ (ਪੋਸਟ ਬਿਊਰੋ): ਮਨੀਪੁਰ ਵਿੱਚ ਔਰਤਾਂ ਦੇ ਸਨਮਾਨ ਨੂੰ ਠੇਸ ਪਹੁੰਚਾਉਣ ਵਾਲੇ ਘਿਨਾਉਣੇ ਕਾਰੇ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਸਖ਼ਤ ਕਾਨੂੰਨੀ ਵਿਵਸਥਾਵਾਂ ਨਾਲ ਨਜਿੱਠਿਆ ਜਾਵੇ ਅਤੇ ਉਨ੍ਹਾਂ ਨੂੰ ਸਖ਼ਤ ਸਜ਼ਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ, ਇਹ ਗੱਲ ਦੁਹਰਾਉਂਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਉੱਤਰ-ਪੂਰਬੀ ਸੂਬੇ ਵਿੱਚ ਚੱਲ ਰਹੀ ਹਿੰਸਾ ਤੋਂ ਪ੍ਰਭਾਵਿਤ ਸਾਰੇ ਲੋਕਾਂ ਨੂੰ ਇਨਸਾਫ਼ ਯਕੀਨੀ ਬਣਾਉਣ ਲਈ ਉੱਚ ਪੱਧਰੀ ਜਾਂਚ ਦੇ ਹੁਕਮ ਦੇਣ ਲਈ ਕਿਹਾ।

ਅਮਿਤ ਸ਼ਾਹ ਨੂੰ ਲਿਖੇ ਆਪਣੇ ਪੱਤਰ ਵਿੱਚ, ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਲਗਾਤਾਰ ਡਰ ਅਤੇ ਅਰਾਜਕਤਾ ਦੇ ਮੌਜੂਦਾ ਮਾਹੌਲ 'ਤੇ ਨਿਰਾਸ਼ਾ ਪ੍ਰਗਟ ਕਰਦਿਆਂ ਮਾਹੌਲ ਨੂੰ ਵਿਗੜਨ ਦੇਣ ਲਈ ਮਨੀਪੁਰ ਦੇ ਮੁੱਖ ਮੰਤਰੀ ਨੂੰ ਹਟਾਉਣ ਦੀ ਮੰਗ ਕੀਤੀ ਹੈ, ਜਿਸ ਨਾਲ ਲੱਖਾਂ



ਨਾਗਰਿਕਾਂ ਦੀਆਂ ਜਾਨਾਂ ਖਤਰੇ ਵਿੱਚ ਪੈ ਰਹੀਆਂ ਹਨ।

ਸੰਧਵਾਂ ਨੇ ਲਿਖਿਆ ਕਿ ਮੁੱਖ ਮੰਤਰੀ ਜੋ ਕਿ ਸੂਬੇ ਦੇ ਮੁਖੀ ਹਨ, ਨੂੰ ਗੰਭੀਰਤਾ ਨਾਲ ਜ਼ੁੰਮਿਵਾਰ ਠਹਿਰਾਇਆ ਜਾਣਾ ਚਾਹੀਦਾ ਹੈ ਕਿਉਂਕਿ ਉਹ ਇੱਜ਼ਤ ਦੀਆਂ ਹੱਕਦਾਰ ਔਰਤਾਂ ਵਿਰੁੱਧ ਹਿੰਸਾ ਦੇ ਇਸ ਘਿਨਾਉਣੇ ਕਾਰੇ ਨੂੰ ਰੋਕਣ ਵਿੱਚ ਅਸਫ਼ਲ ਰਹੇ ਹਨ। ਉਨ੍ਹਾਂ ਅੱਗੇ ਲਿਖਿਆ ਕਿ ਮੁੱਖ ਮੰਤਰੀ ਦੀ ਸਰਕਾਰ ਨੂੰ ਬਰਖਾਸਤ ਕਰਕੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਦੋ ਔਰਤਾਂ ਨੂੰ ਬਿਨਾਂ ਕੱਪੜੇ ਪਹਿਨੇ ਪਰੇਡ ਕਰਨ ਲਈ ਮਜ਼ਬੂਰ ਕੀਤੇ ਜਾਣ ਦੀ ਘਿਨਾਉਣੀ ਘਟਨਾ 'ਤੇ ਅਫ਼ਸੋਸ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਦੁਖਦਾਈ ਘਟਨਾ ਹੈ, ਸਾਡੇ ਦੇਸ਼ 'ਚ ਜਿੱਥੇ ਔਰਤਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਜਾਂਦਾ ਹੈ, ਉੱਥੇ ਅਸੀਂ ਔਰਤਾਂ ਦੀ ਇੱਜ਼ਤ ਦੀ ਰਾਖੀ ਨਹੀਂ ਕਰ ਸਕੇ। ਸਾਡੀ ਸੱਭਿਅਤਾ, ਸਾਡੇ ਪੁਰਖਿਆਂ ਨੇ ਸਾਨੂੰ ਔਰਤਾਂ ਦਾ ਸਤਿਕਾਰ ਕਰਨਾ ਸਿਖਾਇਆ ਹੈ। ਪਰ ਮਨੀਪੁਰ ਵਿੱਚ ਉਨ੍ਹਾਂ ਨਾਲ ਕੀਤਾ ਗਿਆ ਸਲੂਕ ਬਹੁਤ ਹੀ ਦੁਖਦਾਈ ਹੈ।

ਸੰਧਵਾਂ ਨੇ ਅੱਗੇ ਕਿਹਾ ਕਿ ਜਿਸ ਦਰਦ ਵਿੱਚੋਂ ਇਹ ਔਰਤਾਂ ਲੰਘੀਆਂ ਹੋਣਗੀਆਂ, ਉਸਨੂੰ ਕੋਈ ਵੀ ਵਿਅਕਤੀ ਮਹਿਸੂਸ ਕਰ ਸਕਦਾ ਹੈ।

ਸਪੀਕਰ ਨੇ ਆਪਣੇ ਪੱਤਰ ਵਿੱਚ ਲਿਖਿਆ, "ਮੈਨੂੰ ਯਕੀਨ ਹੈ ਕਿ ਤੁਸੀਂ ਇਸ ਘਟਨਾ 'ਤੇ ਚੌਕਸੀ ਰੱਖ ਰਹੇ ਹੋਵੋਗੇ, ਪਰ ਮੈਂ, ਹੱਥ ਜੋੜ ਕੇ, ਉਨ੍ਹਾਂ ਔਰਤਾਂ ਦੀ ਇੱਜ਼ਤ ਅਤੇ ਸਨਮਾਨ ਦੀ ਰੱਖਿਆ ਲਈ ਤੁਹਾਡੇ ਤੋਂ ਮਦਦ ਦੀ ਆਸ ਕਰਦਾ ਹਾਂ। ਉਨ੍ਹਾਂ ਨੂੰ ਸੁਰੱਖਿਆ ਦੀ ਲੋੜ ਹੈ।"

# ਭਾਖੜਾ ਡੈਮ ਦੇ ਦੌਰੇ ਤੋਂ ਬਾਅਦ ਮੁੱਖ ਮੰਤਰੀ ਦੀ ਲੋਕਾਂ ਨੂੰ ਅਪੀਲ: ਘਬਰਾਉਣ ਦੀ ਲੋੜ ਨਹੀਂ, ਹਾਲਾਤ ਕਾਬੂ ਹੇਠ

ਚੰਡੀਗੜ੍ਹ, 23 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਆਖਿਆ ਕਿ ਡੈਮਾਂ ਵਿੱਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਹੈ ਅਤੇ ਸੂਬਾ ਸਰਕਾਰ ਸਮੁੱਚੀ ਸਥਿਤੀ ਉਤੇ ਨਿਰੰਤਰ ਨਜ਼ਰ ਰੱਖ ਰਹੀ ਹੈ ਤੇ ਹਾਲਾਤ ਪੂਰੀ ਤਰ੍ਹਾਂ ਕਾਬੂ ਹੇਠ ਹਨ।

ਬਰਸਾਤ ਦੇ ਮੱਦੇਨਜ਼ਰ ਸਥਿਤੀ ਦਾ ਜਾਇਜ਼ਾ ਲੈਣ ਲਈ ਇੱਥੇ ਪੁੱਜੇ ਮੁੱਖ ਮੰਤਰੀ ਨੇ ਸੂਬਾ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਭਾਖੜਾ ਬਿਆਸ ਪ੍ਰਬੰਧਨ ਬੋਰਡ ਦੇ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਇਹ ਵੱਡੀ ਰਾਹਤ ਦੀ ਗੱਲ ਹੈ ਕਿ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਅਜੇ ਵੀ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਹੈ, ਇਸ ਲਈ ਡੈਮ ਤੋਂ ਪਾਣੀ ਛੱਡਣ ਦੀ ਫੌਰੀ ਲੋੜ ਨਹੀਂ ਹੈ। ਭਗਵੰਤ ਮਾਨ ਨੇ ਅੱਗੇ ਦੱਸਿਆ ਕਿ ਭਾਖੜਾ ਡੈਮ ਦਾ ਖ਼ਤਰੇ ਦਾ ਨਿਸ਼ਾਨ 1680 ਫੁੱਟ ਹੈ, ਜਦੋਂ ਕਿ 23 ਜੁਲਾਈ ਨੂੰ ਡੈਮ ਵਿੱਚ ਪਾਣੀ ਦਾ ਪੱਧਰ 1653 ਫੁੱਟ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਹੈ। ਉਨ੍ਹਾਂ ਅਧਿਕਾਰੀਆਂ ਨੂੰ ਪਾਣੀ ਦੇ ਪੱਧਰ ਬਾਰੇ ਬਾਕਾਇਦਾ ਲੋਕਾਂ ਨੂੰ ਜਾਣਕਾਰੀ ਦੇਣ ਲਈ ਆਖਿਆ ਤਾਂ ਕਿ ਕੋਈ ਗਲਤਫਹਿਮੀ ਪੈਦਾ ਨਾ ਹੋਵੇ। ਉਨ੍ਹਾਂ ਕਿਹਾ ਕਿ ਇਹ ਰਾਹਤ ਵਾਲੀ ਗੱਲ ਹੈ ਕਿ ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਮੀਂਹ ਨਾ ਪੈਣ ਦੀ ਭਵਿੱਖਬਾਣੀ ਕੀਤੀ ਗਈ ਹੈ, ਜਿਸ ਨਾਲ ਪਾਣੀ ਦਾ ਪੱਧਰ ਹੋਰ ਘਟੇਗਾ। ਭਗਵੰਤ ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅਧਿਕਾਰੀਆਂ ਕੋਲੋਂ ਪੁਸ਼ਟੀ ਕੀਤੇ ਬਿਨਾਂ ਡੈਮਾਂ ਦੇ ਫਲੱਡ ਗੇਟ ਖੋਲ੍ਹਣ ਜਾਂ ਹੜ੍ਹਾਂ ਸਬੰਧੀ ਅਫ਼ਵਾਹਾਂ ਉਤੇ ਬਿਲਕੁੱਲ ਵਿਸ਼ਵਾਸ ਨਾ ਕੀਤਾ ਜਾਵੇ।

ਮੁੱਖ ਮੰਤਰੀ ਨੇ ਮੀਡੀਆ ਨੂੰ ਅਪੀਲ ਕੀਤੀ ਕਿ ਉਹ ਹੜ੍ਹਾਂ ਬਾਰੇ ਫ਼ਰਜ਼ੀ ਖ਼ਬਰਾਂ ਚਲਾ ਕੇ ਦਹਿਸ਼ਤ ਪੈਦਾ ਕਰਨ ਦੀ ਥਾਂ ਉਸਾਰੂ ਭੂਮਿਕਾ ਨਿਭਾਏ। ਉਨ੍ਹਾਂ ਕਿਹਾ ਕਿ 9, 10 ਤੇ 11 ਜੁਲਾਈ ਨੂੰ ਇਸ ਖ਼ਿੱਤੇ ਵਿੱਚ ਭਾਰੀ ਬਾਰਸ਼ ਹੋਈ, ਜਿਹੜੀ ਪਿਛਲੇ ਇਕ ਮਹੀਨੇ ਵਿੱਚ ਹੋਈ ਕੁੱਲ ਬਾਰਸ਼ ਨਾਲੋਂ ਕਿਤੇ ਵੱਧ ਸੀ। ਭਗਵੰਤ ਮਾਨ ਨੇ ਕਿਹਾ ਕਿ ਸਮੁੱਚੀ ਸਥਿਤੀ ਉਤੇ ਮੁਕੰਮਲ ਨਜ਼ਰ ਰੱਖਣ ਲਈ ਸੂਬਾ ਸਰਕਾਰ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਇਸ ਗੰਭੀਰ ਸਥਿਤੀ ਵਿੱਚ ਵੀ ਸਿਆਸਤ ਕਰਨ ਲਈ ਸਿਆਸੀ ਵਿਰੋਧੀਆਂ 'ਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਨਹਿਰਾਂ ਦੀ ਸਫ਼ਾਈ ਤੱਕ ਹਰ ਖੇਤਰ ਵਿੱਚ ਜ਼ਿਕਰਯੋਗ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਸਿੰਜਾਈ ਅਤੇ ਡਰੇਨੇਜ਼ ਵਿਭਾਗ ਭ੍ਰਿਸ਼ਟ ਨੇਤਾਵਾਂ ਅਤੇ ਉਨ੍ਹਾਂ ਦੀਆਂ ਕਠਪੁਤਲੀਆਂ ਲਈ 'ਕਮਾਊ ਪੁੱਤ' ਬਣ ਕੇ ਰਹਿ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਨੇਤਾਵਾਂ ਨੇ ਡਰੇਨੇਜ਼ ਅਤੇ ਸਿੰਜਾਈ ਵਿਭਾਗ ਦਾ ਪੈਸਾ ਆਪਣੇ ਸਵਾਰਥਾਂ ਲਈ ਹੜੱਪ ਲਿਆ। ਉਨ੍ਹਾਂ ਕਿਹਾ ਕਿ ਵਿਜੀਲੈਂਸ ਪਹਿਲਾਂ ਹੀ ਇਸ ਵਿਭਾਗ ਵਿੱਚ ਵੱਡੇ ਘਪਲੇ ਦੀ ਜਾਂਚ ਕਰ ਰਿਹਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਭਾਵੇਂ ਸਹੀ ਰਕਮ ਦਾ ਹਿਸਾਬ ਲਗਾਇਆ ਜਾਣਾ ਬਾਕੀ ਹੈ ਪਰ ਹੜ੍ਹਾਂ ਕਾਰਨ ਸੂਬੇ ਨੂੰ ਲਗਪਗ ਇਕ ਹਜ਼ਾਰ ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਨੁਕਸਾਨ ਦਾ ਜ਼ਮੀਨੀ ਮੁਲਾਂਕਣ ਸਥਿਤੀ 'ਤੇ ਕਾਬੂ ਪਾਉਣ ਤੋਂ ਬਾਅਦ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਇਕ-ਇਕ ਪੈਸੇ ਦੇ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਲੋਕਾਂ ਦੇ ਹੋਏ ਨੁਕਸਾਨ ਦੀ ਵਿਸਥਾਰਤ ਰਿਪੋਰਟ ਕੇਂਦਰ ਸਰਕਾਰ ਨੂੰ ਭੇਜੀ ਜਾਵੇਗੀ ਅਤੇ ਸੂਬੇ ਲਈ ਮੁਕੰਮਲ ਰਾਹਤ ਪੈਕੇਜ ਦੀ ਮੰਗ ਕੀਤੀ ਜਾਵੇਗੀ।



ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਭਵਿੱਖ ਵਿੱਚ ਅਜਿਹੀ ਸਥਿਤੀ ਨਾਲ ਨਜਿੱਠਣ ਲਈ ਸੂਬਾ ਸਰਕਾਰ ਪਹਿਲਾਂ ਹੀ ਇੱਕ ਖਾਕਾ ਤਿਆਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਨਹਿਰਾਂ ਦੀ ਚੈਨਲਾਈਜੇਸ਼ਨ ਯਕੀਨੀ ਬਣਾਈ ਜਾਵੇਗੀ ਅਤੇ ਪਾਣੀ ਦੀ ਸੁਚੱਜੀ ਵਰਤੋਂ ਲਈ ਨਵੀਂ ਨਹਿਰ ਦੀ ਉਸਾਰੀ ਦਾ ਪ੍ਰਸਤਾਵ ਵੀ ਤਿਆਰ ਕੀਤਾ ਜਾ ਰਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਪਾਣੀ ਦੇ ਕੁਦਰਤੀ ਵਹਾਅ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਨੱਕੋ-ਨੱਕ ਭਰੀਆਂ ਨਹਿਰਾਂ ਦੀ ਸਫ਼ਾਈ ਨੂੰ ਵੀ ਸੂਬਾ ਸਰਕਾਰ ਵੱਲੋਂ ਪਹਿਲੀ ਤਰਜੀਹ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਜਾਇਜ਼ਾ ਲੈਣ ਲਈ ਸੂਬੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਵਿਆਪਕ ਦੌਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰਾਂ ਨੂੰ ਬਾਰਿਸ਼ ਨਾਲ ਪ੍ਰਭਾਵਿਤ ਖੇਤਰਾਂ ਦੀ ਤੁਰੰਤ ਵਿਸ਼ੇਸ਼ ਗਿਰਦਾਵਰੀ ਕਰਵਾਉਣ ਲਈ ਵਿਸਤ੍ਰਿਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਤਾਂ ਜੋ ਫਸਲਾਂ, ਘਰਾਂ, ਪਸ਼ੂਆਂ ਅਤੇ ਹੋਰ ਨੁਕਸਾਨ ਦਾ ਪਹਿਲ ਦੇ ਆਧਾਰ 'ਤੇ ਪਤਾ ਲਾਇਆ ਜਾ ਸਕੇ। ਭਗਵੰਤ ਮਾਨ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਕੁਦਰਤ ਦੇ ਕਹਿਰ ਤੋਂ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।

ਭਗਵੰਤ ਮਾਨ ਨੇ ਕਿਹਾ ਕਿ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਅਧਿਕਾਰੀਆਂ ਨੂੰ ਵੀ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਦੇਣ ਲਈ ਆਪਣੇ-ਆਪਣੇ ਇਲਾਕਿਆਂ ਵਿੱਚ ਜਾਣ ਦੇ ਨਿਰਦੇਸ਼ ਦਿੱਤੇ ਗਏ ਹਨ।

ਮੁੱਖ ਮੰਤਰੀ ਨੇ ਭਾਖੜਾ ਡੈਮ ਦਾ ਵੀ ਦੌਰਾ ਕੀਤਾ ਅਤੇ ਡੈਮ ਵਿੱਚ ਪਾਣੀ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਡੈਮ ਦੀ ਉਸਾਰੀ ਦੌਰਾਨ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦਾਂ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ।

ਮੁੱਖ ਮੰਤਰੀ ਨਾਲ ਕੈਬਨਿਟ ਮੰਤਰੀ ਹਰਜੋਤ ਬੈਂਸ, ਮੁੱਖ ਮੰਤਰੀ ਦੇ ਵਧੀਕ ਮੁੱਖ ਸਕੱਤਰ ਏ ਵੇਣੂ ਪ੍ਰਸਾਦ, ਸਕੱਤਰ ਸਿੰਜਾਈ ਵਿਭਾਗ ਕ੍ਰਿਸ਼ਨ ਕੁਮਾਰ ਤੇ ਹੋਰ ਹਾਜ਼ਰ ਸਨ।

**Dr. Randhawa Dentistry**
*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist
New Patients welcome
Deal Directly with all Insurance Companies

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
DENTISTRY
Squire Ellis Dr
Gore Rd
Countryside Dr

**Grand Upholstery Ltd**
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਉ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Staging consultation
- Professional pictures & virtual tour
- Consistent marketing until your property is sold
- Billboard, flyer
- Social media & radio advertisement
- Online Promotion
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

621 Wanless drive, # 122
Brampton ON L7A 0A9
905-495-3336

80 Pertosa Drive
Brampton ON L5X-5E9
905-460-0009

2120 North park Drive
Brampton ON L6S 0C9
905-793-1338

21 Lacoste Blvd,
Brampton, ON L6P 2K2
905 794-8109

1075 Ceremonial Drive
Mississauga ON L5R 2Z4
905-502-1600

10510 Torbram Road,
Brampton
905-790-0030

10 Pannahill Dr,
Brampton
905 913-8017